ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 12 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੨੭ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਸਰਕਾਰ ਦਾ ਵੱਡਾ ਯੂ-ਟਰਨ ! ਮਾਨ ਸਰਕਾਰ ਨੇ ਵਾਪਸ ਲਈ ਲੈਂਡ ਪੂਲਿੰਗ ਸਕੀਮ

**ਚੰਡੀਗੜ੍ਹ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਲੈਂਡ ਪੂਲਿੰਗ ਸਕੀਮ 'ਤੇ ਵੱਡਾ ਫੈਸਲਾ ਲੈਂਦੇ ਹੋਏ ਯੂ-ਟਰਨ ਲੈ ਲਿਆ ਹੈ। ਪੰਜਾਬ ਸਰਕਾਰ ਨੇ 14 ਮਈ 2025 ਨੂੰ ਜਾਰੀ ਹੋਈ ਪਾਲਿਸੀ ਦੇ ਨੋਟੀਫਿਕੇਸ਼ਨ ਨੂੰ ਵਾਪਸ ਲੈ ਲਿਆ ਹੈ ਅਤੇ ਨਾਲ ਹੀ ਇਸ ਉਪਰੰਤ ਜਾਰੀ ਹੋਈਆਂ ਸਾਰੀਆਂ ਸੋਧਾਂ ਨੂੰ ਵਾਪਸ ਲੈ ਲਿਆ ਗਿਆ ਹੈ। ਦੱਸ ਦਈਏ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਇਸ ਲੈਂਡ ਪੂਲਿੰਗ ਸਕੀਮ ਦਾ ਸੂਬੇ ਭਰ ਵਿੱਚ ਵਿਰੋਧ ਹੋ ਰਿਹਾ ਹੈ, ਜਿਸ ਦੀ ਅਗਵਾਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੀ ਜਾ ਰਹੀ ਸੀ ਅਤੇ ਕਿਸਾਨਾਂ ਵੱਲੋਂ ਵੀ ਇਸ ਦਾ ਸਖਤ ਵਿਰੋਧ ਕੀਤਾ ਜਾ ਰਿਹਾ ਸੀ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਐਲਾਨ ਵੀ ਕੀਤਾ ਗਿਆ ਸੀ ਕਿ ਇਸ ਪਾਲਿਸੀ ਦੇ ਰੱਦ ਹੋਣ ਤੱਕ ਉਹ ਸੰਘਰਸ਼ ਜਾਰੀ ਰੱਖਣਗੇ, ਜਿਸ ਤਹਿਤ ਵੱਖ ਵੱਖ ਥਾਂਵਾਂ 'ਤੇ ਰੈਲੀਆਂ ਕਰਕੇ ਲੋਕਾਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਸੀ।



### ਬੀਬੀ ਸਤਵੰਤ ਕੌਰ ਨੂੰ ਪੰਥਕ ਕੌਂਸਲ ਦੇ ਚੇਅਰਪਰਸਨ ਚੁਣਿਆ ਗਿਆ

# ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਬਣੇ ਨਵੇਂ ਅਕਾਲੀ ਦਲ ਦੇ ਪ੍ਰਧਾਨ

**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਬਾਗੀ) ਦਾ ਚੋਣ ਇਜਲਾਸ ਅੱਜ ਗੁਰਦੁਆਰਾ ਬੁਰਜ ਅਕਾਲੀ ਫੂਲਾ ਸਿੰਘ 'ਚ ਹੋਇਆ, ਜਿੱਥੇ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ ਸ਼੍ਰੋਮਣੀ ਅਕਾਲੀ ਦਲ (ਬਾਗੀ ਧੜੇ) ਦਾ ਨਵਾਂ ਪ੍ਰਧਾਨ ਚੁਣ ਲਿਆ ਗਿਆ ਹੈ। ਬੀਤੇ ਦਿਨ ਤੋਂ ਹੀ ਉਨ੍ਹਾਂ ਦੇ ਨਾਮ ਨੂੰ ਲੈ ਕੇ ਕਿਆਸਆਰੀਆਂ ਲਗਾਈਆਂ ਜਾ ਰਹੀਆਂ ਸਨ, ਜੋ ਅੱਜ ਆਖਿਰਕਾਰ ਹਰਪ੍ਰੀਤ ਸਿੰਘ ਦਾ ਨਾਂ ਨਵੇਂ ਪ੍ਰਧਾਨ ਵੱਜੋਂ ਐਲਾਨ ਕਰ ਦਿੱਤਾ ਗਿਆ ਹੈ। ਦੱਸ ਦੇਈਏ ਗਿਆਨੀ ਹਰਪ੍ਰੀਤ ਸਿੰਘ ਤੋਂ ਇਲਾਵਾ ਬੀਬੀ ਸਤਵੰਤ ਕੌਰ ਦੇ ਨਾਂ 'ਤੇ ਵੀ ਮੋਹਰ ਲੱਗੀ ਹੈ। ਬੀਬੀ ਸਤਵੰਤ ਕੌਰ ਨੂੰ ਪੰਥਕ ਕੌਂਸਲ ਦੇ ਚੇਅਰਪਰਸਨ ਚੁਣਿਆ ਗਿਆ ਹੈ, ਜਦਕਿ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਹੋਣਗੇ। ਅੰਤਰਰਾਸ਼ਟਰੀ ਇਜਲਾਸ 'ਚ ਪਹੁੰਚੇ ਆਗੂਆਂ ਨੇ ਜਿੱਥੇ ਆਪਣੇ ਆਪਣੇ ਵਿਚਾਰ ਰੱਖੇ ਉੱਥੇ ਹੀ ਬਾਬਾ ਸਰਬਜੋਤ ਸਿੰਘ ਵੱਲੋਂ ਪ੍ਰਧਾਨਗੀ ਲਈ ਗਿਆਨੀ ਹਰਪ੍ਰੀਤ ਸਿੰਘ ਦਾ ਨਾਮ ਪੇਸ਼ ਕੀਤਾ ਗਿਆ ਜਿਸ ਤੇ ਮੋਹਰ ਲਗਾਉਂਦੇ ਹੋਏ ਜੈਕਾਰਿਆਂ ਦੀ ਗੂੰਜ ਵਿੱਚ ਸਭਨਾਂ ਨੇ ਇਸ ਨੂੰ ਪ੍ਰਵਾਨ ਕਰ ਲਿਆ ਹੈ। ਜ਼ਿਕਰਯੋਗ ਹੈ ਕਿ ਦੋ ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਬਣੀ ਸੱਤ ਮੈਂਬਰੀ ਭਰਤੀ ਕਮੇਟੀ ਦੇ ਪੰਜ ਕਾਰਜਸ਼ੀਲ ਮੈਬਰਾਂ ਨੇ ਭਰਤੀ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ। ਸੂਤਰਾਂ ਮੁਤਾਬਕ ਕਮੇਟੀ ਵਿਤ 15 ਲੱਖ ਭਰਤੀ ਹੋਈ। ਇਸ ਤੋਂ ਬਾਅਦ ਡੈਲੀਗੇਟਸ ਚੁਣੇ ਗਏ ਸਨ, ਜਿਨ੍ਹਾਂ ਨੇ ਅੱਜ ਆਪਣੇ ਨਵੇਂ ਪ੍ਰਧਾਨ ਵਜੋਂ ਗਿਆਨੀ ਹਰਪ੍ਰੀਤ ਸਿੰਘ ਦੇ ਨਾਮ 'ਤੇ ਮੋਹਰ ਲਗਾਈ ਹੈ। ਇਸ ਚੋਣ ਨਾਲ ਸ਼੍ਰੋਮਣੀ ਅਕਾਲੀ ਦਲ (ਬਾਗੀ) ਦੀ ਨਵੀਂ ਲੀਡਰਸ਼ਿਪ ਤੈਅ ਹੋ ਗਈ ਹੈ।



## ਪ੍ਰਧਾਨ ਬਣਨ ਮਗਰੋਂ ਗਿਆਨੀ ਹਰਪ੍ਰੀਤ ਸਿੰਘ ਦੇ ਬੋਲ: 'ਸ਼੍ਰੋਮਣੀ ਕਮੇਟੀ ਸਣੇ ਚੋਣ ਨਿਸ਼ਾਨ ਤੇ ਦਫ਼ਤਰ ਵੀ ਲਵਾਂਗੇ'

**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਬਾਗੀ) ਦੇ ਨਵੇਂ ਪ੍ਰਧਾਨ ਬਣਨ ਤੋਂ ਬਾਅਦ ਗਿਆਨੀ ਹਰਪ੍ਰੀਤ ਸਿੰਘ ਨੇ ਕੌਮ ਤੇ ਸੂਬੇ ਦੀ ਆਰਥਿਕ ਸਥਿਤੀ ਬਾਰੇ ਗੰਭੀਰ ਚਿੰਤਾ ਜਤਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਸਿੱਖ ਕੌਮ ਦੀ ਆਰਥਿਕ ਹਾਲਤ ਬਹੁਤ ਮਜ਼ਬੂਤ ਨਹੀਂ ਰਹੀ, ਜਦਕਿ ਕਦੇ ਪੰਜਾਬ ਅਮੀਰ ਸੂਬਿਆਂ ਵਿਚੋਂ ਇੱਕ ਸੀ। ਉਨ੍ਹਾਂ ਨੇ ਕੇਂਦਰ ਸਰਕਾਰ 'ਤੇ ਆਰਥਿਕ ਹੱਕਾਂ ਦੇ ਦਬਾਅ ਦੀ ਗੰਭੀਰ ਆਲੋਚਨਾ ਕਰਦਿਆਂ ਕਿਹਾ ਕਿ ਜੇ ਸਿੱਖ ਕੌਮ ਨੂੰ 1947 ਤੋਂ ਹੁਣ ਤੱਕ ਉਹ ਹੱਕ ਮਿਲਦੇ, ਤਾਂ ਅੱਜ ਭਾਰਤ ਦੀ 60 ਫੀਸਦੀ ਆਰਥਿਕਤਾ ਸਿੱਖ ਕੌਮ ਦੇ ਹੱਥ ਹੋਣੀ ਸੀ। ਉਨ੍ਹਾਂ ਨੇ ਸਰਕਾਰ ਵੱਲੋਂ ਖੇਤੀ ਪ੍ਰਣਾਲੀ ਖਤਮ ਕਰਨ ਅਤੇ ਕਿਸਾਨਾਂ ਤੋਂ ਉਨ੍ਹਾਂ ਦੀ ਰੋਜ਼ਗਾਰ ਲੈਣ ਦੀ ਵੀ ਗੱਲ ਕਹੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ 2 ਸਾਲ ਤੋਂ ਪ੍ਰਧਾਨ ਮੰਤਰੀ ਨੂੰ ਮਿਲਣ ਲਈ ਕੋਸ਼ਿਸ਼ ਕਰ ਰਿਹਾ ਹੈ ਪਰ ਸਮਾਂ ਨਹੀਂ ਦਿੱਤਾ ਜਾ ਰਿਹਾ। ਪਾਰਟੀ ਦੇ ਮਾਮਲਿਆਂ 'ਤੇ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਅਕਾਲੀ ਦਲ ਦਾ ਚੁੱਲ੍ਹਾ ਇਕ ਸਟੈਂਡ 'ਤੇ ਅਟਕਿਆ ਹੋਇਆ ਹੈ ਅਤੇ ਜਿਹੜੇ ਸਟੈਂਡ 'ਤੇ ਉਹ ਖੜ੍ਹਾ ਹੈ ਉਹ ਵੀ ਅਸੀਂ ਲੈ ਲੈਣਾ ਹੈ, ਜਿਸ ਦਿਨ ਸਟੈਂਡ ਲੈ ਲਿਆ ਉਸ ਦੀ ਇਨ੍ਹਾਂ ਨੇ ਖੇਰੰ-ਖੇਰੰ ਹੋ ਜਾਣਾ ਹੈ। ਤਿੰਨ ਸਟੈਂਡ ਦੀ ਗੱਲ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪਹਿਲੇ ਸਟੈਂਡ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੈ, ਦੂਜਾ ਚੋਣ ਨਿਸ਼ਾਨ ਅਤੇ ਤੀਜਾ ਦਫਤਰ ਲੈਣਾ ਹੈ। ਉਨ੍ਹਾਂ ਅੱਗੇ ਕਿਹਾ ਸ੍ਰੀ ਅਕਾਲ ਤਖ਼ਤ ਸਾਹਿਬ ਨੇ 7 ਮੈਂਬਰੀ ਕਮੇਟੀ ਬਣਾਈ ਸੀ ਪਰ ਇਨ੍ਹਾਂ ਨੇ ਅੰਦਰ ਵੜ ਕੇ 7 ਮੈਂਬਰੀ ਕਮੇਟੀ ਨੂੰ ਮਜ਼ਬੂਰ ਕੀਤਾ ਕਿ ਤੁਸੀਂ ਅਸਤੀਫ਼ੇ ਦੇ ਦਿਓ, ਜਿਸ 'ਚੋਂ 2 ਨੇ ਅਸਤੀਫ਼ੇ ਦੇ ਦਿੱਤੇ। ਅੱਜ ਮੈਨੂੰ ਫਰਕ ਹੋ ਰਿਹਾ ਹੈ ਜਿਨ੍ਹਾਂ 5 ਦੇ ਨਾਂ ਮੈਂ ਆਪਣੇ ਹੱਥੀ ਲਿਖੇ ਸੀ, ਉਨ੍ਹਾਂ ਨੇ ਮੇਰੇ ਲਿਖੇ ਹੋਏ ਨਾਮ ਦੀ ਲਾਜ ਰੱਖੀ ਹੈ। ਗਿਆਨੀ ਹਰਪ੍ਰੀਤ ਨੇ ਕਿਹਾ ਜੇਕਰ ਮੇਰੀ ਪਾਰਟੀ ਦੇ ਕਿਸੇ ਵੀ ਵਰਕਰ ਦੀ ਕਿਰਦਾਰਕੁਸ਼ੀ ਕਰਦਿਆਂ ਪਰਿਵਾਰਾਂ ਤੱਕ ਗਏ ਤਾਂ ਉਨ੍ਹਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਮੇਰੇ ਕੋਲ ਵੀ ਬਹੁਤ ਕੁਝ ਹੈ ਤੁਹਾਡੇ ਪ੍ਰਧਾਨ ਦੀਆਂ ਕਿੱਥੇ-ਕਿੱਥੇ ਜਾਇਦਾਦਾਂ ਹਨ ਇਸ ਦੀਆਂ ਲੰਮੀਆਂ ਲਿਸਟਾਂ ਮੇਰੇ ਕੋਲ ਪਹੁੰਚ ਗਈਆਂ ਹਨ। ਇਹ ਮੈਨੂੰ ਕਿਸੇ ਹੋਰ ਨੇ ਮੁਹੱਈਆ ਨਹੀਂ ਕਰਵਾਈਆਂ ਇਹ ਤੁਹਾਡੇ ਗੱਡੀ 'ਚ ਬੈਠਣ ਵਾਲੇ ਲੋਕਾਂ ਨੇ ਮੁਹੱਈਆਂ ਕਰਵਾਈਆਂ ਹਨ। ਉਨ੍ਹਾਂ ਕਿਹਾ ਪਹਿਲਾਂ ਮੈਂ ਇਕੱਲਾ ਸੀ ਅੱਜ ਮੇਰੇ ਨਾਲ 15 ਲੱਖ ਲੋਕ ਹਨ।

# ਏਅਰ ਇੰਡੀਆ ਦਾ ਜਹਾਜ਼ 2 ਘੰਟੇ ਹਵਾ 'ਚ ਰਿਹਾ ਘੁੰਮਦਾ, ਕੈਪਟਨ ਦੀ ਸਮਝਦਾਰੀ ਨਾਲ ਟਲਿਆ ਹਾਦਸਾ, ਯਾਤਰੀਆਂ ਸਣੇ ਕਈ ਸੰਸਦ ਮੈਂਬਰਾਂ ਦੇ ਅਟਕੇ ਸਾਹ



**ਨਵੀਂ ਦਿੱਲੀ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਤਿਰੂਵਨੰਤਪੁਰਮ ਤੋਂ ਨਵੀਂ ਦਿੱਲੀ ਆ ਰਹੀ ਏਅਰ ਇੰਡੀਆ ਦੀ ਇੱਕ ਫਲਾਈਟ ਨੂੰ ਐਤਵਾਰ (10 ਅਗਸਤ) ਨੂੰ ਉਸ ਸਮੇਂ ਚੇਨਈ ਵੱਲ ਡਾਇਵਰਟ ਕਰਨਾ ਪਿਆ, ਜਦੋਂ ਚਾਲਕ ਦਲ ਨੂੰ ਰਸਤੇ ਵਿੱਚ ਖਰਾਬ ਮੌਸਮ ਕਾਰਨ ਸ਼ੱਕੀ ਤਕਨੀਕੀ ਖਰਾਬੀ ਦਾ ਪਤਾ ਲੱਗਿਆ। ਏਅਰਲਾਈਨ ਨੇ ਪੁਸ਼ਟੀ ਕੀਤੀ ਹੈ ਕਿ ਉਡਾਣ ਨੰਬਰ 112455 ਚੇਨਈ ਵਿੱਚ ਸੁਰੱਖਿਅਤ ਉਤਰ ਗਿਆ ਅਤੇ ਜਹਾਜ਼ ਦੀ ਜ਼ਰੂਰੀ ਜਾਂਚ ਕੀਤੀ ਜਾਵੇਗੀ। ਕਾਂਗਰਸ ਦੇ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਸਮੇਤ ਕਈ ਸੰਸਦ ਮੈਂਬਰ ਵੀ ਇਸ ਜਹਾਜ਼ ਵਿੱਚ ਮੌਜੂਦ ਸਨ। ਏਅਰ ਇੰਡੀਆ ਦੇ ਬੁਲਾਰੇ ਨੇ ਕਿਹਾ ਕਿ 10 ਅਗਸਤ ਨੂੰ ਤਿਰੂਵਨੰਤਪੁਰਮ ਤੋਂ ਦਿੱਲੀ ਲਈ ਉਡਾਣ ਭਰਨ ਵਾਲੇ 192455 ਦੇ ਚਾਲਕ ਦਲ ਨੂੰ ਸ਼ੱਕੀ ਤਕਨੀਕੀ ਸਮੱਸਿਆ ਅਤੇ ਰਸਤੇ ਵਿੱਚ ਖਰਾਬ ਮੌਸਮ ਕਾਰਨ ਸਾਵਧਾਨੀ ਵਜੋਂ ਚੇਨਈ ਵੱਲ ਮੋੜ ਦਿੱਤਾ ਗਿਆ ਅਤੇ ਜਹਾਜ਼ ਚੇਨਈ ਵਿੱਚ ਸੁਰੱਖਿਅਤ ਉਤਰ ਗਿਆ। ਉਨ੍ਹਾਂ ਨੇ ਕਿਹਾ ਕਿ ਸਾਨੂੰ ਪ੍ਰਭਾਵਿਤ ਯਾਤਰੀਆਂ ਨੂੰ ਹੋਈ ਅਸੁਵਿਧਾ ਲਈ ਅਫ਼ਸੋਸ ਹੈ। ਚੇਨਈ ਵਿੱਚ ਸਾਡੇ ਸਾਥੀ ਯਾਤਰੀਆਂ ਨੂੰ ਉਨ੍ਹਾਂ ਦੀ ਅਸੁਵਿਧਾ ਨੂੰ ਘੱਟ ਕਰਨ ਲਈ ਸਹਾਇਤਾ ਪ੍ਰਦਾਨ ਕਰ ਰਹੇ ਹਨ ਅਤੇ ਯਾਤਰੀਆਂ ਨੂੰ ਜਲਦੀ ਤੋਂ ਜਲਦੀ ਉਨ੍ਹਾਂ ਦੀ ਮੰਜ਼ਿਲ 'ਤੇ ਪਹੁੰਚਾਉਣ ਲਈ ਵਿਕਲਪਿਕ ਪ੍ਰਬੰਧ ਕਰ ਰਹੇ ਹਨ। ਇਸ ਜਹਾਜ਼ ਵਿੱਚ ਕਈ ਸੰਸਦ ਮੈਂਬਰ ਵੀ ਸਵਾਰ ਸਨ। ਸੀਨੀਅਰ ਕਾਂਗਰਸ ਨੇਤਾ ਅਤੇ ਸੰਸਦ ਮੈਂਬਰ ਕੇ.ਸੀ. ਵੇਣੂਗੋਪਾਲ ਨੇ ਸੋਮਵਾਰ (11 ਅਗਸਤ, 2025) ਨੂੰ ਐਕਸ 'ਤੇ ਪੋਸਟ ਕੀਤਾ ਕਿ ਏਅਰ ਇੰਡੀਆ ਦੀ ਉਡਾਣ ਨੰਬਰ ਏ.ਆਈ. 2455 ਤ੍ਰਿਵੇਂਦਰਮ ਤੋਂ ਦਿੱਲੀ ਜਾ ਰਹੀ ਸੀ, ਜਿਸ ਵਿੱਚ ਮੈਂ, ਕਈ ਸੰਸਦ ਮੈਂਬਰ ਅਤੇ ਸੈਂਕੜੇ ਯਾਤਰੀ ਸਵਾਰ ਸਨ, ਅੱਜ ਭਿਆਨਕ ਰੂਪ ਵਿੱਚ ਦੁਖਾਂਤ ਦੇ ਨੇੜੇ ਪਹੁੰਚ ਗਈ। ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ, ਸਾਨੂੰ ਅਸ਼ਾਂਤੀ ਦਾ ਸਾਹਮਣਾ ਕਰਨਾ ਪਿਆ। ਵੇਣੂਗੋਪਾਲ ਨੇ ਕਿਹਾ ਕਿ ਲਗਭਗ ਇੱਕ ਘੰਟੇ ਬਾਅਦ ਕੈਪਟਨ ਨੇ ਫਲਾਈਟ ਸਿਗਨਲ ਵਿੱਚ ਖਰਾਬੀ ਦਾ ਐਲਾਨ ਕੀਤਾ ਅਤੇ ਜਹਾਜ਼ ਨੂੰ ਚੇਨਈ ਵੱਲ ਮੋੜ ਦਿੱਤਾ। ਲਗਭਗ ਦੋ ਘੰਟੇ ਅਸੀਂ ਉਤਰਨ ਦੀ ਇਜਾਜ਼ਤ ਦੀ ਉਡੀਕ ਕਰਦੇ ਹੋਏ ਹਵਾਈ ਅੱਡੇ ਦੇ ਚੱਕਰ ਲਗਾਉਂਦੇ ਰਹੇ। ਦੱਸਿਆ ਗਿਆ ਕਿ ਉਸੇ ਰਨਵੇਅ 'ਤੇ ਇੱਕ ਹੋਰ ਜਹਾਜ਼ ਸੀ। ਉਸ ਸਮੇਂ ਕੈਪਟਨ ਦੇ ਤੁਰੰਤ ਰੁਕਣ ਦੇ ਫੈਸਲੇ ਨੇ ਜਹਾਜ਼ ਵਿੱਚ ਸਵਾਰ ਸਾਰੇ ਲੋਕਾਂ ਦੀ ਜਾਨ ਬਚਾਈ। ਦੂਜੀ ਕੋਸ਼ਿਸ਼ ਵਿੱਚ ਜਹਾਜ਼ ਸੁਰੱਖਿਅਤ ਉਤਰ ਗਿਆ। ਉਨ੍ਹਾਂ ਕਿਹਾ ਕਿ ਅਸੀਂ ਹੁਨਰ ਅਤੇ ਕਿਸਮਤ ਨਾਲ ਬਚ ਗਏ, ਪਰ ਯਾਤਰੀਆਂ ਦੀ ਸੁਰੱਖਿਆ ਕਿਸਮਤ 'ਤੇ ਨਿਰਭਰ ਨਹੀਂ ਕਰ ਸਕਦੀ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

ਆਵਾਜ਼ਿ ਕੌਮ AWAZE QAUM

ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਪੰਜ ਤਖ਼ਤ ਸਾਹਿਬਾਨ ਦੀ ਯਾਤਰਾ





29 ਅਕਤੂਬਰ ਤੋਂ 8 ਨਵੰਬਰ 2025 ਤੱਕ

ਸੰਪਰਕ : ਭਾਈ ਰਘਵੀਰ ਸਿੰਘ

+44 7976 210161

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।


- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

# ਸਾਂਝਾ ਪੰਜਾਬ

## VEG & NON-VEG INDIAN

WE CATER FOR ★★★★★






SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk

email: sanjha47@hotmail.com

0784 102 9416

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ AWAZE QAUM

ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

Contact Detail :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

--ADVICE--
**Request to all Sangat to have own travel Insurance individualy!**


Program is subject to change without Prior Notice.

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULVINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL + 44 7458 381111, + 44 7976 210161)

PARAMJIT SHERGILL
+44 7858 198159


INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK

**ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।**

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ | ਕਿਰਤ ਕਰੋ | ਵੰਡ ਛਕੋ
Naam Japo | Kirat Karo | Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

**ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

**ਨੋਟ : ਇਹ ਸਮਾਗਮ 13 ਦਿਨ ਚੱਲੇਗਾ** ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਆਵਾਜ਼ਿ ਕੌਮ AWAZE QAUM
International Newspaper & WEB TV



ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

## ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

**ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ**

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ

## ਅਤੇ ਸਾਕ-ਸਬੰਧੀ


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ
AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR
WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।**

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

⋆ ਸਲਾਹ ⋆
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੇਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)




ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--⋆ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ⋆--

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| +44 7458 381111, +44 7976 210161 | +44 7858 198159 | +44 7883 635835 | +44 7900 982906 |




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

"ਨੌਂਵੇ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ"

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

**ਮਿਤੀ 22 ਅਗਸਤ 2025 ਦਿਨ ਸ਼ੁੱਕਰਵਾਰ ਨੂੰ**

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**20 ਅਗਸਤ ਦਿਨ ਬੁੱਧਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ**
**22 ਅਗਸਤ ਦਿਨ ਸ਼ੁੱਕਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ**

**ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)**
**ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ**

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਸੁਖਬੀਰ ਸਿੰਘ ਗੁਰੂ ਨਾਨਕ ਦਲ ਮੜੀਆਂ ਵਾਲੇ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਘੁੰਮਣਾ ਵਾਲੇ (ਨਿਹੰਗ ਸਿੰਘ)



**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

**ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।**

ਡਬਲ-ਐੱਸ

ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

**ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ**

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ
AWAZE QAUM
International Newspaper & WEB TV

### ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਪੱਤਰ ਭੇਜ ਕੇ ਗਿਆਨੀ ਗੜਗੱਜ ਦੇ

# ਪ੍ਰੋ. ਦਰਸ਼ਨ ਸਿੰਘ ਨਾਲ ਸੰਬੰਧਾਂ ਦੀ ਨਿਰਪੱਖ ਜਾਂਚ ਦੀ ਕੀਤੀ ਅਪੀਲ

### ਪ੍ਰੋ. ਦਰਸ਼ਨ ਸਿੰਘ ਦਾ ਸਾਥ ਦੇਣ ਵਾਲੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਅਹੁਦੇ 'ਤੇ ਬਣੇ ਰਹਿਣ ਦਾ ਹੱਕ ਨਹੀਂ: ਪ੍ਰੋ. ਸਰਚਾਂਦ ਸਿੰਘ ਖਿਆਲਾ



'ਫ਼ਤਵਿਆਂ ਦਾ ਡਰ ਛੱਡ ਕੇ ਪ੍ਰੋ. ਦਰਸ਼ਨ ਸਿੰਘ ਦਾ ਸਾਥ ਦਿਉ'

ਪ੍ਰੋ. ਦਰਸ਼ਨ ਸਿੰਘ ਦਾ ਸਮਾਗਮ ਕਰਵਾਉਣ ਲਈ ਸੰਗਤ ਦਾ ਧੰਨਵਾਦ








ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿਚ ਸ਼ਾਮਲ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਜਥੇਦਾਰ ਗਿਆਨੀ ਟੇਕ ਸਿੰਘ, ਗਿਆਨੀ ਸੁਲਤਾਨ ਸਿੰਘ, ਗਿਆਨੀ ਕੇਵਲ ਸਿੰਘ ਤੇ ਗਿਆਨੀ ਮੰਗਲ ਸਿੰਘ।

**ਪੰਥ 'ਚੋਂ ਛੇਕੇ ਗਏ ਰਾਗੀ ਦਰਸ਼ਨ ਸਿੰਘ ਨੂੰ ਸਮਾਗਮ 'ਚ ਬੁਲਾਉਣ ਕਾਰਨ ਤਿੰਨ ਨੂੰ ਸੁਣਾਈ ਧਾਰਮਿਕ ਸਜ਼ਾ**

**ਅੰਮ੍ਰਿਤਸਰ :** ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਿ ਡਿਸਟ੍ਰਿਕਟ ਗੁਰਦੁਆਰਾ ਪ੍ਰਬੰਧਕ ਕਮੇਟੀ ਜੰਮੂ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਨਾਨਕ ਨਗਰ, ਜੰਮੂ ਦੀ ਪ੍ਰਬੰਧਕ ਕਮੇਟੀ ਵੱਲੋਂ ਪੰਥ 'ਚੋਂ ਛੇਕੇ ਰਾਗੀ ਦਰਸ਼ਨ ਸਿੰਘ ਨੂੰ ਸਮਾਗਮ ਵਿਚ ਬੁਲਾਉਣ ਸਬੰਧੀ ਮਾਮਲਾ ਵਿਚਾਰਿਆ ਗਿਆ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਦੀ ਕੀਤੀ ਉਲੰਘਣਾ ਦੇ ਦੋਸ਼ ਵਜੋਂ ਰਣਜੀਤ ਸਿੰਘ ਟੌਹੜਾ ਪ੍ਰਧਾਨ ਤੇ ਜਗਪਾਲ ਸਿੰਘ ਕੈਸ਼ੀਅਰ ਡਿਸਟ੍ਰਿਕਟ ਗੁਰਦੁਆਰਾ ਪ੍ਰਬੰਧਕ ਕਮੇਟੀ ਜੰਮੂ ਅਤੇ ਸੋਮਨਾਥ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਗੁਰੂ ਨਾਨਕ ਨਗਰ ਜੰਮੂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਖਿਮਾ ਜਾਚਨਾ ਕੀਤੀ, ਜਿਸ 'ਤੇ ਪੰਜ ਸਿੰਘ ਸਾਹਿਬਾਨ ਨੇ ਇਨ੍ਹਾਂ ਨੂੰ ਧਾਰਮਿਕ ਸੇਵਾ ਲਗਾਈ ਹੈ ਕਿ ਇਹ ਨੇੜਲੇ ਗੁਰਦੁਆਰਾ ਸਾਹਿਬ ਵਿਖੇ ਜੋੜੇ ਝਾੜਨ, ਭਾਂਡੇ ਮਾਂਜਣ ਦੀ ਇੱਕ ਘੰਟਾ ਹੱਥੀਂ ਸੇਵਾ ਕਰਨਗੇ।

**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)-** ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੂੰ ਇੱਕ ਪੱਤਰ ਲਿਖ ਕੇ ਗਿਆਨੀ ਕੁਲਦੀਪ ਸਿੰਘ ਗੜਗੱਜ 'ਤੇ ਰਾਗੀ ਪ੍ਰੋ. ਦਰਸ਼ਨ ਸਿੰਘ ਨਾਲ ਖੁੱਲ੍ਹ ਕੇ ਸਹਿਯੋਗ ਕਰਦਿਆਂ



ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਆਦੇਸ਼ਾਂ ਦੀ ਉਲੰਘਣਾ ਕਰਨ ਦੇ ਮਾਮਲੇ ਨੂੰ ਗੰਭੀਰ ਧਾਰਮਿਕ ਮਾਮਲੇ 'ਤੇ ਪੰਥਕ ਪਰੰਪਰਾਵਾਂ ਅਨੁਸਾਰ ਨਿਰਪੱਖਤਾ ਨਾਲ ਜਾਂਚ ਕਰਨ ਅਤੇ ਦੋਸ਼ੀ ਪਾਏ ਜਾਣ 'ਤੇ ਸਖ਼ਤ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਪ੍ਰੋ. ਦਰਸ਼ਨ ਸਿੰਘ ਦਾ ਸਾਥ ਦੇਣ ਦੇ ਮਾਮਲੇ 'ਚ ਗਿਆਨੀ ਕੁਲਦੀਪ ਸਿੰਘ ਗੜਗੱਜ ਆਪਣੀ ਸਥਿਤੀ ਸਪਸ਼ਟ ਕਰੇ। ਮਾਮਲਾ ਝੂਠ ਨਹੀਂ ਹੈ ਤਾਂ ਉਨ੍ਹਾਂ ਨੂੰ ਅਹੁਦੇ 'ਤੇ ਬਣੇ ਰਹਿਣ ਦਾ ਨੈਤਿਕ ਹੱਕ ਨਹੀਂ ਹੈ।

ਪ੍ਰੋ. ਸਰਚਾਂਦ ਸਿੰਘ ਖਿਆਲਾ ਜੋ ਕਿ ਪੰਜਾਬ ਭਾਜਪਾ ਦੇ ਬੁਲਾਰੇ ਵੀ ਹਨ ਨੇ ਕਿਹਾ ਕਿ ਪੰਥ ਚੋਂ ਛੇਕੇ ਹੋਏ ਰਾਗੀ ਪ੍ਰੋ. ਦਰਸ਼ਨ ਸਿੰਘ ਨੂੰ ਸਮਾਗਮ ਵਿੱਚ ਸੱਦਾ ਦੇ ਕੇ ਹੁਕਮਨਾਮੇ ਦੀ ਉਲੰਘਣਾ ਦੇ ਦੋਸ਼ ਵਿੱਚ ਜਿਵੇਂ ਜੰਮੂ ਨਾਲ ਸੰਬੰਧਿਤ ਦੋ ਗੁਰਦੁਆਰਾ ਕਮੇਟੀਆਂ ਦੇ ਆਗੂਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 6 ਅਗਸਤ ਨੂੰ 'ਤਨਖ਼ਾਹ' ਲਗਾਈ ਗਈ , ਉਸੇ ਤਰਜ਼ 'ਤੇ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪ੍ਰੋ. ਦਰਸ਼ਨ ਸਿੰਘ ਰਾਗੀ ਨਾਲ ਖੁੱਲ੍ਹਾ ਸਹਿਯੋਗ ਕਰਦਿਆਂ ਗੁਰੂ ਸਿਧਾਂਤ, ਸਿੱਖ ਇਤਿਹਾਸ, ਮਰਿਆਦਾ ਅਤੇ ਪੰਥਕ ਪਰੰਪਰਾਵਾਂ ਵਿਰੁੱਧ ਉਸ ਵੱਲੋਂ ਕੀਤੇ ਗਈ ਗੁਮਰਾਹਕੁਨ ਪ੍ਰਚਾਰ ਨੂੰ ਸਹਿਯੋਗ ਦੇ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਕੀਤੀ ਗਈ ਉਲੰਘਣਾ ਦੇ ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ ਉਸ ਬਾਰੇ ਨਿਰਪੱਖ ਜਾਂਚ ਕਰਾਉਣ ਦੀ ਲੋੜ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ 13 ਜਨਵਰੀ 2010 ਨੂੰ ਜੰਡਿਆਲਾ ਗੁਰੂ ਵਿਖੇ ਸਮਾਗਮ ਵਿੱਚ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਐਲਾਨ ਕੀਤਾ ਗਿਆ ਕਿ "ਅੱਗੇ ਵੀ ਪ੍ਰੋ. ਦਰਸ਼ਨ ਸਿੰਘ ਦੇ ਕੀਰਤਨ ਪ੍ਰੋਗਰਾਮ ਕਰਵਾਏ ਜਾਣਗੇ" ਅਤੇ ਸਮੁੱਚੀ ਕੌਮ ਨੂੰ ਦਸਮ ਗ੍ਰੰਥ ਦਾ ਵਿਰੋਧ ਕਰਨ ਦੀ ਵੀ ਅਪੀਲ ਕੀਤੀ ਗਈ।ਇਸ ਬਾਰੇ ਖ਼ਬਰ 14 ਜਨਵਰੀ 2010 ਨੂੰ (ਸਪੋਕਸਮੈਨ ?) ਪ੍ਰਕਾਸ਼ਿਤ ਹੋਈ। ਇਸ ਤੋਂ ਪਹਿਲਾਂ 7 ਜਨਵਰੀ 2010 ਨੂੰ ਪਿੰਡ ਧਾਰੜ ਵਿਖੇ ਸਮਾਗਮ ਲਈ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸਾਥੀਆਂ ਵੱਲੋਂ ਪਿੰਡ ਦਾ ਦੌਰਾ ਕਰਦਿਆਂ ਲੋਕਾਂ ਨੂੰ ਉਤਸ਼ਾਹਿਤ ਕੀਤਾ ਅਤੇ 12 ਜਨਵਰੀ 2010 ਨੂੰ ਕਰਵਾਏ ਜਾ ਰਹੇ ਧਾਰਮਿਕ ਸਮਾਗਮ ਵਿੱਚ ਪ੍ਰੋ. ਦਰਸ਼ਨ ਸਿੰਘ ਦੀ ਸ਼ਮੂਲੀਅਤ ਦੇ ਮੱਦੇ ਨਜ਼ਰ ਜ਼ੋਰਦਾਰ ਤਿਆਰੀਆਂ ਕੀਤੀਆਂ ਗਈਆਂ, ਜੋ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਪਸ਼ਟ ਹੁਕਮਾਂ ਦੀ ਉਲੰਘਣਾ ਸੀ। ਕਿਉਂਕਿ 8 ਜਨਵਰੀ 2007 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰੋ. ਦਰਸ਼ਨ ਸਿੰਘ ਵੱਲੋਂ ਕੀਤੇ ਜਾ ਰਹੇ ਗੁਮਰਾਹਕੁਨ ਪ੍ਰਚਾਰ ਤੋਂ ਸਿੱਖ ਸੰਗਤ ਸੁਚੇਤ ਰਹਿਣ ਪ੍ਰਤੀ ਆਦੇਸ਼ ਜਾਰੀ ਕੀਤਾ ਗਿਆ ।ਇਸੇ ਤਰਾਂ 17 ਨਵੰਬਰ 2009 ਨੂੰ ਪ੍ਰੋ. ਦਰਸ਼ਨ ਸਿੰਘ ਵੱਲੋਂ ਅਮਰੀਕਾ ਵਿੱਚ ਗੁਰਦੁਆਰਾ ਸਾਹਿਬ ਰੋਚੈਸਟਰ, ਨਿਊਯਾਰਕ ਵਿਖੇ ਕੀਰਤਨ ਦੌਰਾਨ ਗੁਰੂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਬੰਧੀ ਘਟੀਆ ਟਿੱਪਣੀਆਂ ਕਰਨ 'ਤੇ, ਪੰਜ ਸਿੰਘ ਸਾਹਿਬਾਨ ਵੱਲੋਂ ਪ੍ਰੋ. ਦਰਸ਼ਨ ਸਿੰਘ ਨੂੰ ਸਪਸ਼ਟੀਕਰਨ ਦੇਣ ਲਈ ਬੁਲਾਇਆ ਗਿਆ ਅਤੇ ਉਸ 'ਤੇ ਕਿਸੇ ਵੀ ਧਾਰਮਿਕ ਸਟੇਜ 'ਤੇ ਕਥਾ-ਕੀਰਤਨ ਕਰਨ ਜਾਂ ਬੋਲਣ 'ਤੇ ਪੂਰੀ 'ਪਾਬੰਦੀ' ਲਗਾ ਦਿੱਤੀ ਗਈ। ਇਸੇ ਮਾਮਲੇ 'ਚ 5 ਦਸੰਬਰ 2009 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤਲਬ ਕੀਤੇ ਜਾਣ ਦੇ ਬਾਵਜੂਦ ਪੇਸ਼ ਨਾ ਹੋਣ 'ਤੇ ਉਹਨਾਂ ਨੂੰ 'ਤਨਖ਼ਾਹੀਆ' ਕਰਾਰ ਦਿੱਤਾ ਗਿਆ। ਉਪਰੰਤ 7 ਜਨਵਰੀ ਅਤੇ ਫਿਰ 29 ਜਨਵਰੀ 2010 ਨੂੰ ਦੂਜੀ ਵਾਰ ਬੁਲਾਉਣ 'ਤੇ ਵੀ ਪੰਜ ਸਿੰਘ ਸਾਹਿਬਾਨ ਦੇ ਸਨਮੁਖ ਪੇਸ਼ ਨਾ ਹੋਣ ਕਰਕੇ, ਪੰਜ ਸਿੰਘ ਸਾਹਿਬਾਨ ਵੱਲੋਂ ਦੀਰਘ ਵਿਚਾਰਾਂ ਉਪਰੰਤ ਪ੍ਰੋ. ਦਰਸ਼ਨ ਸਿੰਘ ਰਾਗੀ ਨੂੰ ਗੁਰੂ ਨਿੰਦਕ ਅਤੇ ਗੁਰੂ ਪੰਥ 'ਤੋਂ ਆਕੀ ਹੋਣ ਕਰਕੇ ਪੰਥਚੋਂ 'ਛੇਕ' ਦਿੱਤਾ ਗਿਆ ਅਤੇ ਸੰਗਤ ਨੂੰ ਉਸ ਨਾਲ ਕਿਸੇ ਤਰ੍ਹਾਂ ਦਾ ਸਹਿਯੋਗ ਨਾ ਕਰਨ ਦਾ ਹੁਕਮ ਜਾਰੀ ਕੀਤਾ ਗਿਆ।

### ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਕਰਨ ਲਈ ਗਿਆਨੀ ਕੁਲਦੀਪ ਸਿੰਘ ਗੜਗੱਜ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ

### ਵਿਚਾਰ ਆਪੋ-ਆਪਣਾ

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਉਪਰੋਕਤ ਹਵਾਲਿਆਂ ਤੇ ਸਬੂਤਾਂ ਤੋਂ ਸਪਸ਼ਟ ਹੈ ਕਿ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ 2010 ਵਿੱਚ, ਉਸ ਸਮੇਂ ਜਦੋਂ ਪ੍ਰੋ. ਦਰਸ਼ਨ ਸਿੰਘ ਤਨਖ਼ਾਹੀਆ ਕਰਾਰ ਦਿੱਤਾ ਜਾ ਚੁੱਕਾ ਸੀ, ਖੁੱਲ੍ਹਾ ਸਹਿਯੋਗ ਕੀਤਾ। ਇਹ ਸਿਰਫ਼ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ ਦੀ ਉਲੰਘਣਾ ਹੀ ਨਹੀਂ, ਸਗੋਂ ਗੰਭੀਰ ਧਾਰਮਿਕ ਅਪਰਾਧ ਹੈ। ਇਸ ਲਈ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਦੇ ਅਹੁਦਿਆਂ'ਤੇ ਬਣਾਈ ਰੱਖਣ ਦੀ ਕੋਈ ਤੁਕ ਨਹੀਂ ਬਣਦੀ ਲਿਹਾਜ਼ਾ ਉਨ੍ਹਾਂ ਨੂੰ ਤੁਰੰਤ ਹਟਾਇਆ ਜਾਵੇ। ਉਨ੍ਹਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਕੀਤੀ ਉਲੰਘਣਾ ਦੀ ਨਿਰਪੱਖ ਜਾਂਚ ਕੀਤੀ ਜਾਵੇ। ਜਾਂਚ ਰਿਪੋਰਟ ਅਤੇ ਸਚਾਈ ਸੰਗਤਾਂ ਦੇ ਸਾਹਮਣੇ ਪ੍ਰਗਟ ਕੀਤੀ ਜਾਵੇ।ਜੇਕਰ ਦੋਸ਼ ਸਾਬਤ ਹੁੰਦੇ ਹਨ, ਤਾਂ ਪੰਥਕ ਰਵਾਇਤਾਂ ਅਨੁਸਾਰ ਕਾਰਵਾਈ ਕੀਤੀ ਜਾਵੇ।

# ਸਿੱਖ ਕਤਲੇਆਮ ਨਵੰਬਰ 84 ਦੇ 4 ਹੋਰ ਕੇਸਾਂ 'ਚ ਸੱਜਣ ਕੁਮਾਰ ਅਤੇ ਉਸਦੇ ਪੁਰਾਣੇ ਸਾਥੀਆਂ ਖਿਲਾਫ ਮੁਕੱਦਮਾ ਚੱਲਣ ਦੀ ਬੱਝੀ ਆਸ: ਕਾਲਕਾ/ਕਾਹਲੋਂ

### ਸੱਜਣ ਕੁਮਾਰ ਅਤੇ ਹੋਰਾਂ ਵਿਰੁੱਧ ਅਦਾਲਤ ਅੰਦਰ ਹੋਈ ਸੁਣਵਾਈ



**ਨਵੀਂ ਦਿੱਲੀ, 11 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-1984 ਦੇ ਸਿੱਖ ਕਤਲੇਆਮ ਕੇਸਾਂ ਵਿਚ 4 ਹੋਰ ਕੇਸਾਂ ਵਿਚ ਸੱਜਣ ਕੁਮਾਰ ਦੇ ਪੁਰਾਣੇ ਸਾਥੀਆਂ ਖਿਲਾਫ ਕੇਸ ਚਲਾਉਣ ਦੀ ਆਸ ਬੱਝ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਉਸ ਵੇਲੇ ਰਾਜ ਨਗਰ ਪਾਲਮ ਇਲਾਕੇ ਵਿਚ ਵਿਚ 5 ਐਫ ਆਈ ਆਰ ਹੋਈਆਂ ਸਨ ਜਿਸ ਵਿਚੋਂ ਕਿਸੇ ਦੇ ਪਤੀ, ਪਿਤਾ, ਕਿਸੇ ਦੇ ਬੱਚੇ ਨੂੰ ਮਾਰ ਦਿੱਤਾ ਗਿਆ ਸੀ। ਉਹਨਾਂ ਦੱਸਿਆ ਕਿ ਸਾਲ 1986 ਵਿਚ ਇਹਨਾਂ ਕੇਸਾਂ ਵਿਚ ਦੋਸ਼ੀਆਂ ਨੂੰ ਬਰੀ ਕਰ ਦਿੱਤਾ ਗਿਆ ਸੀ। ਇੰਨੀ ਫਾਸਟ ਕੇਸ ਚਲਾਇਆ ਗਿਆ ਤਾਂ ਜੋ ਮੁਜਰਿਮਾਂ ਨੂੰ ਬਰੀ ਕਰਨਾ ਸੀ ਅਤੇ ਇਸ ਵਾਸਤੇ ਨਾ ਗਵਾਹ ਬੁਲਾਏ ਗਏ, ਨਾ ਕੋਈ ਸੰਮਨ ਭੇਜੇ ਗਏ।ਉਹਨਾਂ ਕਿਹਾ ਕਿ ਉਸ ਵੇਲੇ ਦਿੱਲੀ ਪੁਲਿਸ ਨੇ ਮਹਿਜ਼ ਅੱਖਾਂ ਪੂੰਝਣ ਵਾਲਾ ਕੰਮ ਕੀਤਾ ਸੀ ਤੇ ਅਦਾਲਤ ਵੱਲੋਂ ਮੁਜਰਿਮਾ ਨੂੰ ਬਰੀ ਕਰਨਾ ਮੰਦਭਾਗਾ ਸੀ। ਉਹਨਾਂ ਕਿਹਾ ਕਿ ਸਾਲ 2017 ਵਿਚ ਅਸੀਂ ਜਦੋਂ ਸੱਜਣ ਕੁਮਾਰ ਖਿਲਾਫ ਹਾਈ ਕੋਰਟ ਵਿਚ ਅਪੀਲ ਪਾਈ ਸੀ ਤਾਂ ਸੱਜਣ ਕੁਮਾਰ ਦੇ ਵਕੀਲ ਨੇ ਹਾਈ ਕੋਰਟ ਦੇ ਜੱਜ ਗੀਤਾ ਮਿੱਤਲ ਦੀ ਅਦਾਲਤ ਵਿਚ ਮੰਨਿਆ ਸੀ ਕਿ ਪੰਜ ਕੇਸ ਰਾਜਨਗਰ ਦੇ ਇਸੇ ਕਿਸਮ ਦੇ ਹਨ ਜਿਹਨਾਂ ਵਿਚ ਮੁਜਰਿਮ ਬਰੀ ਹੋਏ ਹੋ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਦੱਸਿਆ ਕਿ ਮਾਣਯੋਗ ਜੱਜ ਗੀਤਾ ਮਿੱਤਲ ਨੇ ਉਹਨਾਂ ਪੰਜਾਂ ਕੇਸਾਂ ਦੇ ਫੈਸਲੇ ਨੂੰ ਪੜ੍ਹਿਆ। ਜਿਸ ਤੋਂ ਉਹ ਹੈਰਾਨ ਰਹਿ ਗਏ ਹਨ ਕਿ ਗਵਾਹ ਹੋਣ ਦੇ ਬਾਵਜੂਦ ਮੁਜਰਿਮ ਬਰੀ ਕੀਤੇ ਤੇ ਇਨਸਾਫ ਦਾ ਕਤਲ ਹੋਇਆ। ਉਹਨਾਂ ਦੱਸਿਆ ਕਿ ਮਾਣਯੋਗ ਜੱਜ ਨੇ ਪੰਜਾਂ ਕੇਸਾਂ ਦੀ ਮੁੜ ਸੁਣਵਾਈ ਕੀਤੀ ਜਿਸ ਵਿਚ ਪੀੜਤ ਧਿਰ ਵੱਲੋਂ ਐਚ ਐਸ ਫੂਲਕਾ, ਗੁਰਬਖਸ਼ ਸਿੰਘ ਤੇ ਬਾਕੀ ਲੀਗਲ ਟੀਮ ਨੇ ਬਹਿਸ ਕੀਤੀ। ਉਹਨਾਂ ਦੱਸਿਆ ਕਿ ਹੁਣ ਹਾਈ ਕੋਰਟ ਦੇ ਤਾਜ਼ਾ ਫੈਸਲੇ ਵਿਚ ਪੰਜ ਵਿਚੋਂ ਇਕ ਕੇਸ ਦੀ ਮੁੜ ਜਾਂਚ ਦੇ ਹੁਕਮ ਦਿੱਤੇ ਹਨ ਜਦੋਂ ਦੂਜੇ ਕੇਸ ਵਿਚ ਮੁਜਰਿਮਾਂ ਦੀ ਮੌਤ ਹੋ ਗਈ ਹੈ, ਇਸ ਲਈ ਇਸ ਵਿਚ ਮੁਆਵਜ਼ਾ ਦੇਣ ਦੇ ਹੁਕਮ ਦਿੱਤੇ ਹਨ। ਉਹਨਾਂ ਦੱਸਿਆ ਕਿ ਬਾਕੀ ਤਿੰਨ ਕੇਸਾਂ ਵਿਚ ਜਾਂਚ ਏਜੰਸੀਆਂ ਨੂੰ ਦਸਤਾਵੇਜ਼ ਪੂਰੇ ਕਰਨ ਵਾਸਤੇ ਕਿਹਾ ਹੈ। ਉਹਨਾਂ ਦੱਸਿਆ ਕਿ ਇਹਨਾਂ ਕੇਸਾਂ ਵਿਚ ਮੁਜਰਿਮ ਸਾਰੇ ਸੱਜਣ ਕੁਮਾਰ ਦੇ ਸਾਥੀ ਸਨ ਪਰ ਇਹਨਾਂ ਵਿਚ ਸੱਜਣ ਕੁਮਾਰ ਦਾ ਨਾਂ ਨਹੀਂ ਲਿਖਵਾਇਆ ਗਿਆ ਸੀ। ਉਹਨਾਂ ਕਿਹਾ ਕਿ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਕਿ ਬਾਕੀ ਤਿੰਨ ਕੇਸਾਂ ਵਿਚ ਵੀ ਮੁਜਰਿਮਾਂ ਨੂੰ ਸਜ਼ਾ ਹੋਵੇਗੀ ਤੇ ਮੁਆਵਜ਼ਾ ਵੀ ਮਿਲੇਗਾ। ਜਸਟਿਸ ਸੁਬਰਾਮਨੀਅਮ ਪ੍ਰਸਾਦ ਤੇ ਸਾਥੀ ਨੇ ਅੱਜ ਫੈਸਲਾ ਸੁਣਾਇਆ। ਉਹਨਾਂ ਕਿਹਾ ਕਿ ਜੇਕਰ 42 ਸਾਲਾਂ ਬਾਅਦ ਅਦਾਲਤੀ ਹੁਕਮ ਦੋਸ਼ੀਆਂ ਵਿਰੁੱਧ ਹੋ ਸਕਦੇ ਹਨ ਤਾਂ ਜਿਹੜੇ 15 ਤੋਂ 20 ਸਾਲ ਤੱਕ ਦਿੱਲੀ ਕਮੇਟੀ 'ਤੇ ਕਾਬਜ਼ ਰਹੇ, ਉਹਨਾਂ ਨੇ ਇਹ ਕੇਸ ਬੰਦ ਕਰ ਕੇ ਰੱਖ ਦਿੱਤੇ ਕਿਉਂਕਿ ਉਹ ਸਰਕਾਰ ਨਾਲ ਮਿਲੇ ਹੋਏ ਸਨ। ਉਹਨਾਂ ਕਿਹਾ ਕਿ ਹੁਣ ਅੱਜ ਇੰਨੇ ਲੰਮੇ ਸਮੇਂ ਬਾਅਦ ਇਨਸਾਫ ਦੀ ਆਸ ਬੱਝੀ ਹੈ। ਉਹਨਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸੱਜਣ ਕੁਮਾਰ ਦੇ ਪੁਰਾਣੇ ਸਾਥੀਆਂ ਨੂੰ ਇਹਨਾਂ 4 ਕੇਸਾਂ ਵਿਚ ਵੀ ਸਜ਼ਾਵਾਂ ਜ਼ਰੂਰ ਮਿਲਣਗੀਆਂ।


5ਵੇਂ ਜਨਮਦਿਨ ਦੀਆਂ ਲੱਖ-ਲੱਖ ਵਧਾਈਆਂ

ਆਵਾਜ਼ਿ ਕੌਮ AWAZE QAUM International Newspaper & WEB TV



ਸ਼ਬਦਜੋਤ ਸਿੰਘ ਸਪੁੱਤਰ ਗਿਆਨੀ ਰਾਜਪਾਲ ਸਿੰਘ ਬੋਪਾਰਾਏ ਅਤੇ ਰਮਨਦੀਪ ਕੌਰ ਖ਼ਾਲਸਾ ਵਾਸੀ ਪਿੰਡ ਬੋਪਾਰਾਏ ਕਲਾਂ (ਜਲੰਧਰ) ਦੇ ਪੰਜਵੇਂ ਜਨਮਦਿਨ ਦੀਆਂ ਇੰਟਰਨੈਸ਼ਨਲ ਪੰਥਕ ਦਲ ਅਤੇ ਅਦਾਰਾ ਆਵਾਜ਼ਿ ਕੌਮ ਵੱਲੋਂ ਬੇਅੰਤ-ਬੇਅੰਤ ਮੁਬਾਰਕਾਂ, ਵਾਹਿਗੁਰੂ ਜੀ ਕਾਕਾ ਸ਼ਬਦਜੋਤ ਸਿੰਘ ਨੂੰ ਹਮੇਸ਼ਾ ਚੜ੍ਹਦੀਕਲਾ ਵਿੱਚ ਰੱਖਣ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਖਾਲਸਾ ਦੀਵਾਨ ਸੋਸਾਇਟੀ ਵੱਲੋਂ ਭਾਰਤੀ ਕੌਂਸਲੇਟ ਨੂੰ ਗੁਰੂ ਘਰ ਵਿਚ ਸੱਦਾ ਦੇਣਾ ਕੌਮ ਦੇ ਨਾਲ ਗੱਦਾਰੀ ਅਤੇ ਵਿਸ਼ਵਾਸਘਾਤ- ਟੀਮ ਐੱਸਐੱਫਜੇ

# ਭਾਰਤੀ ਕੌਂਸਲਰ ਦਾ ਐਬਟਸਫੋਰਡ ਕੈਨੇਡਾ ਵਿਖੇ ਭਾਰੀ ਵਿਰੋਧ




ਨਵੀਂ ਦਿੱਲੀ 11 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਖਾਲਸਾ ਦੀਵਾਨ ਸੋਸਾਇਟੀ ਕੈਨੇਡਾ ਵਲੋਂ ਗੁਰੂ ਘਰ ਐਬਟਸਫੋਰਡ ਵਿਖ਼ੇ ਗੁਰੂ ਘਰ ਦੀ ਹਦੂਦ ਅੰਦਰਲੇ ਇਕ ਹਾਲ ਵਿਚ ਸਿੱਖਾਂ ਦੇ ਵਿਰੋਧ ਦੇ ਬਾਵਜੂਦ ਭਾਰਤੀ ਕੌਂਸਲੇਟ ਨੂੰ ਬੁਲਾਕੇ ਕੈਂਪ ਲਗਵਾਇਆ ਗਿਆ । ਕੈਂਪ ਦਾ ਪਤਾ ਲੱਗਣ ਤੇ ਟੀਮ ਭਾਈ ਹਰਦੀਪ ਸਿੰਘ ਨਿੱਝਰ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਡੇਲਟਾ ਦੇ ਮੈਂਬਰਾਂ ਨੇ ਖ਼ਾਲਿਸਤਾਨ ਸਮਰਥਕਾਂ ਸਮੇਤ ਉਥੇ ਪੁੱਜ ਕੇ ਭਾਰਤੀ ਕੌਂਸਲੇਟ ਦਾ ਭਾਰੀ ਵਿਰੋਧ ਕੀਤਾ ।ਇਸ ਮੌਕੇ ਖਾਲਸਾਈ ਨਾਹਰਿਆ ਦੇ ਨਾਲ ਭਾਰਤੀ ਕੌਂਸਲੇਟ ਦੇ ਵਿਰੋਧ ਵਿਚ ਨਾਅਰੇ ਲਗਾਏ ਗਏ ।ਭਾਈ ਨਰਿੰਦਰ ਸਿੰਘ ਖਾਲਸਾ ਅਤੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਨੇ ਦਸਿਆ ਕਿ ਖਾਲਿਸਤਾਨ ਸਰਮਥਕਾਂ ਨੂੰ ਰੋਕਣ ਲਈ ਖ਼ਾਲਸਾ ਦੀਵਾਨ ਸੋਸਾਇਟੀ ਦੀ ਬੇਈਮਾਨ ਅਤੇ ਵਿਕਾਊ ਕਮੇਟੀ ਵੱਲੋਂ ਹੋਣ ਵਾਲੇ ਵਿਰੋਧ ਤੋਂ ਡਰਦਿਆਂ ਸਰਕਾਰੀ ਤੌਰ ਤੇ ਕੋਰਟ ਆਰਡਰ ਤੇ ਗੁਰਦੁਆਰੇ ਤੋਂ ਚਾਰੇ ਪਾਸੇ 100 ਮੀਟਰ ਦੀ ਦੂਰੀ ਤੇ ਬੈਰੀਅਰ ਲਗਵਾ ਦਿੱਤੇ ਗਏ ਜਿਸ ਨਾਲ ਉਨ੍ਹਾਂ ਦਾ ਵਿਰੋਧ ਕਰਣ ਲਈ ਖਾਲਿਸਤਾਨ ਸਮਰਥਕ ਭਾਈ ਨਿੱਝਰ ਟੀਮ ਦੇ ਮੈਂਬਰ ਅੰਦਰ ਨਾ ਆ ਸਕਣ ਦੇ ਬਾਵਜੂਦ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਪ੍ਰੋਗਰਾਮ ਦਾ ਵਿਰੋਧ ਕਰਣ ਲਈ ਖਾਲਿਸਤਾਨੀ ਸਿੱਖਾਂ ਨੇ ਵੱਡੀ ਪੱਧਰ ਤੇ ਵਿਰੋਧ ਪ੍ਰਦਰਸ਼ਨ ਕੀਤਾ। ਇਸ ਮੌਕੇ ਉਨ੍ਹਾਂ ਦਸਿਆ ਕਿ ਕੈਨੇਡਾ ਦੀ ਧਰਤੀ 'ਤੇ ਭਾਰਤ ਦੇ ਦਹਿਸ਼ਤੀ ਨੈੱਟਵਰਕ ਨੂੰ ਬੰਦ ਕਰਨ ਲਈ ਖਾਲਿਸਤਾਨੀ ਪੱਖੀ ਸਿੱਖ ਇਹਨਾਂ ਭਾਰਤੀ ਕਾਉਂਸਲੈਟਾਂ ਦਾ ਹਰੇਕ ਜਗ੍ਹਾ ਜਾ ਕੇ ਵਿਰੋਧ ਕਰਦੇ ਹਨ ।ਉਨ੍ਹਾਂ ਦਸਿਆ ਕਿ ਇਹ ਗੁਰਦੁਆਰਿਆਂ ਵਿੱਚ ਘੁਸਪੈਠ ਕਰਕੇ ਲਾਈਵ ਸਰਟੀਫਿਕੇਟ ਜਾਂ ਹੋਰ ਡਾਕੂਮੈਂਟ ਵੰਡਣ ਦੇ ਬਹਾਨੇ ਆਉਂਦੇ ਹਨ। ਰੋਸ ਮੁਜਾਹਰੇ ਦੌਰਾਨ ਰੋਹ ਵਿਚ ਆਏ ਮੁਜਾਹਕਾਰੀਆਂ ਨੇ ਗੁਰਦੁਆਰੇ ਦੇ ਬਾਹਰ ਤਿਰੰਗੇ ਝੰਡੇ ਨੂੰ ਪਾੜਿਆ ਅਤੇ ਖਾਲਿਸਤਾਨ ਦੀ ਜੰਮ ਕੇ ਨਾਅਰੇਬਾਜ਼ੀ ਕੀਤੀ ।ਭਾਈ ਤੂਰ ਨੇ ਕਿਹਾ ਕਿ ਭਾਰਤੀ ਹਕੂਮਤ ਅਤੇ ਉਸ ਦੇ ਕਰਿੰਦੇ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਵਿੱਚ ਸ਼ਾਮਲ ਹਨ ਅਤੇ ਨਾਲ-ਨਾਲ ਕੈਨੇਡਾ ਦੀ ਧਰਤੀ ਤੇ ਦਖਲ-ਅੰਦਾਜ਼ੀ ਕਰਕੇ ਕੈਨੇਡਾ ਲਈ ਵੀ ਖ਼ਤਰਾ ਹਨ ।ਇਸ ਲਈ ਖ਼ਾਲਸਾ ਦੀਵਾਨ ਸੋਸਾਇਟੀ ਵੱਲੋਂ ਅਹਿਜਾ ਪ੍ਰੋਗਰਾਮ ਕਰਵਾਉਣਾ ਅਤੇ ਉਸ ਵਿਚ ਭਾਰਤੀ ਕੌਂਸਲੇਟ ਅਤੇ ਉਸ ਦੇ ਕਰਿੰਦਿਆਂ ਨੂੰ ਬੁਲਾਵਾ ਦੇਣਾ ਬੇਹੱਦ ਹੀ ਨਿੰਦਣਯੋਗ ਹੈ । ਇਸ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਮਨਜਿੰਦਰ ਸਿੰਘ, ਭਾਈ ਜੈਗ ਸਿੰਘ, ਰਜਿੰਦਰ ਸਿੰਘ ਨੱਤ, ਭਾਈ ਅਜੈਪਾਲ ਸਿੰਘ ਅਤੇ ਬਾਬਾ ਬੰਦਾ ਸਿੰਘ ਬਹਾਦਰ ਗੁਰਦੁਆਰਾ ਸਾਹਿਬ ਤੋਂ ਬਾਬਾ ਰਣਜੀਤ ਸਿੰਘ ਖ਼ਾਲਸਾ, ਕਰਨੈਲ ਸਿੰਘ ਟੁੱਟ, ਭਾਈ ਜਰਨੈਲ ਸਿੰਘ, ਮਨਦੀਪ ਸਿੰਘ, ਇੰਦਰਜੀਤ ਸਿੰਘ ਬੈਂਸ ਨੇ ਉਚੇਚੇ ਤੌਰ ਤੇ ਹਾਜ਼ਿਰੀ ਭਰ ਕੇ ਪ੍ਰਦਰਸ਼ਨ ਕਰ ਰਹੀਆਂ ਸੰਗਤਾਂ ਦਾ ਉਤਸ਼ਾਹ ਵਧਾਇਆ ਸੀ।

## ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਚੂੰਗ ਵਿਖੇ

# ਤੀਆ ਤਿਉਹਾਰ ਮਨਾਇਆ



ਚੌਕ ਮਹਿਤਾ 12 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ) ਇਲਾਕੇ ਦੀ ਨਾਮਰਵ ਸੰਸਥਾਵਾਂ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ, ਚੂੰਘ ਵਿੱਚ ਪੰਜਾਬੀ ਸੱਭਿਆਚਾਰ ਨੂੰ ਸਮਰਪਿਤ ਤੀਆਂ ਦਾ ਤਿਉਹਾਰ "ਤੀਆਂ ਧੀਆਂ ਨਾਲ" ਨਾਮ ਦੇ ਥੀਮ ਨਾਲ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੂੰ ਇਸਦੇ ਪਿਛੋਕੜ ਅਤੇ ਸਾਵਣ ਦੇ ਮਹੀਨੇ ਨਾਲ ਜੁੜੇ ਹੋਏ ਪੰਜਾਬੀ ਸੱਭਿਆਚਾਰ ਨਾਲ ਜਾਣੂ ਕਰਵਾਉਣ ਲਈ ਕਈ ਤਰ੍ਹਾ ਦੀਆ ਗਤੀਵਿਧੀਆਂ ਕਾਰਵਾਈਆਂ ਗਈਆਂ। ਜੂਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਗਿੱਧਾ ਅਤੇ ਭੰਗੜਾ ਪਾ ਕੇ ਇਸਦੀ ਖ਼ੁਸ਼ੀ ਮਨਾਈ। ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਰਥੀਆਂ ਨੂੰ ਤੀਆਂ ਦੇ ਤਿਉਹਾਰ ਦਾ ਇਤਿਹਾਸ ਜਾਣੂ ਕਰਵਾਇਆ ਅਤੇ ਓਹਨਾ ਨੂੰ ਹਮੇਸ਼ਾ ਹੀ ਆਪਣੇ ਵਿਰਸੇ, ਇਤਿਹਾਸ ਅਤੇ ਸੱਭਿਆਚਾਰ ਨਾਲ ਜੁੜ ਕੇ ਰਹਿਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ, ਪ੍ਰਿੰਸੀਪਲ ਮੰਤੇਸ਼ ਕੁਮਾਰ(ਪੀ ਐਸ ਈ ਬੀ), ਹਰਪ੍ਰੀਤ ਕੌਰ, ਨਵਦੀਪ ਕੌਰ ਅਤੇ ਹੋਰ ਅਧਿਆਪਕ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਧੀਆਂ ਤੇ ਤੀਆਂ ਦਾ ਮੇਲਾ ਕਰਵਾਇਆ ਗਿਆ ਰੰਗਲਾ ਪੰਜਾਬ ਬਣਦਾ ਜਾ ਰਿਹਾ ਹੈ ਪੰਜਾਬ-ਤਲਵੀਰ ਗਿੱਲ



**ਚੌਕ ਮਹਿਤਾ, 11 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਕਸਬੇ ਦੇ ਪਿੰਡ ਢੱਡੇ ਵਿਖੇ ਧੀਆਂ ਅਤੇ ਤੀਆਂ ਦਾ ਮੇਲਾ ਕਰਵਾਇਆ ਗਿਆ ਇਹ ਮੇਲਾ ਸਾਵਣ ਮਹੀਨੇ ਨੂੰ ਸਬੰਧੀ ਮਨਾਇਆ ਗਿਆ ਇਸ ਮੇਲੇ ਵਿੱਚ ਪੰਜਾਬ ਦੇ ਉੱਚ ਚੋਟੀ ਦੇ ਕਲਾਕਾਰਾਂ ਨੇ ਭਾਗ ਲਿਆ ਮੇਲੇ ਚ ਖਿੱਚਦਾ ਕੇਂਦਰ ਰਿਹਾ ਲਵੀ ਮਾਨ ਰੋਜੀਮਾਨ ਅਤੇ ਨਰਿੰਦਰ ਸਿੰਘ ਬਲ ਮੇਲੇ ਦੇ ਖਿੱਚਦੇ ਗਾਇਕ ਰਹੇ ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਵੀਰ ਸਿੰਘ ਗਿੱਲ ਵੱਲੋਂ ਲੋਕਾਂ ਨੂੰ ਸੰਬੋਧਨ ਕਰਦਿਆਂ ਹੋਇਆ ਕਿਹਾ ਕਿ ਹਲਕਾ ਮਜੀਠਾ ਵਿੱਚ ਵੱਡੀ ਪੱਧਰ ਤੇ ਪਿੰਡਾਂ ਚ ਸਾਵਣ ਮਹੀਨੇ ਚ ਤੀਆਂ ਦੇ ਮੇਲੇ ਕਰਵਾਏ ਗਏ ਜੋ ਆਉਣ ਵਾਲੇ ਦਿਨਾਂ ਵਿੱਚ ਰੰਗਲੇ ਪੰਜਾਬ ਦੀ ਸ਼ੁਰੂਆਤ ਹੋ ਚੁੱਕੀ ਹੈ ਉਹਨਾਂ ਕਿਹਾ ਕਿ ਸੌਣ ਮਹੀਨੇ ਵਿੱਚ ਤੀਆਂ ਦਾ ਤਿਉਹਾਰ ਇੱਕ ਮੁੱਖ ਇਤਿਹਾਸ ਸੀ ਜੋ ਅਲੋਪ ਹੋ ਚੁੱਕਾ ਸੀ ਇਸ ਨੂੰ ਫਿਰ ਜਿੰਦਾ ਕਰ ਦਿੱਤਾ ਗਿਆ ਹੈ ਅਤੇ ਲੋਕ ਵੱਡੀ ਪੱਧਰ ਤੇ ਇਸ ਨੂੰ ਮਨਾ ਰਹੇ ਹਨ ਇਸੇ ਹੀ ਤਰ੍ਹਾਂ ਅੱਜ ਪਿੰਡ ਢੱਡੇ ਵਿਖੇ ਮਨਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਮੇਗੀਆਂ ਮਾਵਾਂ ਧੀਆਂ ਭੈਣਾਂ ਨੇ ਹਿੱਸਾ ਲਿਆ ਅਤੇ ਲੋਕ ਬੋਲੀਆਂ ਖਿੱਚਦਾ ਕੇਂਦਰ ਰਹੀਆਂ ਇਸ ਮੌਕੇ ਤਰਸੇਮ ਸਿੰਘ ਸਿਆਲਕਾ ਜਥੇਦਾਰ ਸਵਰਨਜੀਤ ਸਿੰਘ ਕਰਾਲੀਆ ਨਰਿੰਦਰ ਸਿੰਘ ਬੱਲ ਸਰਪੰਚ ਸ਼ਖਸ ਸਿੰਘ ਭਗਵਾਂ ਥਾਣੇਦਾਰ ਲਖਵਿੰਦਰ ਸਿੰਘ ਬਲਜਿੰਦਰ ਸਿੰਘ ਸਿਆਸੀ ਸਲਾਹਕਾਰ ਤਲਬੀਰ ਗਿੱਲ ਸਾਬਕਾ ਸਰਪੰਚ ਮਨਜੀਤ ਸਿੰਘ ਜਸਵੰਤ ਸਿੰਘ ਅਰਵਿੰਦ ਸਿੰਘ ਹੀਰਾ ਲੀਡਰ ਕਸ਼ਮੀਰ ਸਿੰਘ ਖੁਸ਼ ਦਿਲ ਮਨਜੀਤ ਬਿਗਲੀ ਬੋਰਡ ਸੁਖਦੇਵ ਸਿੰਘ ਤਰਸੇਮ ਸਿੰਘ ਢੱਡੇ ਹੀਰਾ ਸਿੰਘ ਤਰਸੇਮ ਸਿੰਘ ਸਿੰਦੀ ਹਰਜੀਤ ਸਿੰਘ ਨਛੱਤਰ ਭਦੇਰ ਆਦਿ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਹੜ੍ਹ ਪੀੜਤ ਲੋਕਾਂ ਦੀ ਸਾਰ ਲਵੇ ਸਰਕਾਰ—ਜਥੇਦਾਰ ਲਖਬੀਰ ਸਿੰਘ ਪ੍ਰਧਾਨ



ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :— ਆਫਤ ਕਦੇ ਪੁੱਛ ਕੇ ਨਹੀਂ ਆਉਂਦੀ ਤੇ ਉਸ ਆਫਤ ਦਾ ਹੱਲ ਵੀ ਇਨਸਾਨ ਹੀ ਕਰਦਾ ਹੈ, ਇਨ੍ਹਾਂ ਦਿਨਾਂ ਵਿਚ ਪੰਜਾਬ ਵਿਚ ਮੀਂਹ ਨਾਲ ਬਹੁਤ ਥਾਵਾਂ ਤੇ ਹੜ੍ਹਾਂ ਵਰਗੀ ਸਥਿਤੀ ਬਣੀ ਪਈ ਹੈ, ਹਜ਼ਾਰਾਂ ਏਕੜ ਝੋਨੇ ਦੀ ਫਸਲ ਦੇ ਨਾਲ ਪਛੂਆਂ ਲਈ ਚਾਰੇ ਦੀ ਘਾਟ ਮਹਿਸੂਸ ਹੋ ਰਹੀ ਹੈ, ਪਰ—ਬਾਰ ਵੀ ਹੜ੍ਹਾਂ ਦੀ ਚਪੇਟ ਵਿਚ ਆ ਗਏ ਹਨ, ਪਰ ਨਾ ਤਾਂ ਸਰਕਾਰਾਂ ਹੀ ਤੇ ਨਾ ਹੀ ਸੇਵਾ ਦੇ ਨਾਮ ਤੇ ਐਨ.ਜੀ.ਓ ਚਲਾਉਣ ਵਾਲਿਆਂ ਦੀ ਕੋਈ ਸਟੇਟ ਮੋੜ ਆਈ, ਇਨ੍ਹਾਂ ਦੇ ਨਾਲ ਹੀ ਕਾਰ ਸੇਵਾ ਦੇ ਨਾਮ ਤੇ ਉਗਰਾਹੀ ਕਰਨ ਵਾਲੇ ਸੰਤ ਬਾਬੇ ਹੀ ਕਿਧਰ ਨਜ਼ਰ ਆਉਂਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਜਥੇਦਾਰ ਏਕਨੂਰ ਖਾਲਸਾ ਫੌਜ਼ ਭਾਈ ਲਖਬੀਰ ਸਿੰਘ ਸਰਪੰਚ ਮਹਾਲਮ ਨੇ ਕੀਤੇ। ਉਨ੍ਹਾਂ ਕਿਹਾ ਕਿ ਦੁਨੀਆਂ ਦੇ ਕਿਸੇ ਵੀ ਕੋਨੇ ਵਿਚ ਕੋਈ ਆਫਤ ਆਉਂਦੀ ਹੈ ਤਾਂ ਸਭ ਤੋਂ ਪਹਿਲਾਂ ਸਿੱਖ ਕੌਮ ਹੀ ਰਸਦ, ਤੰਬੂ, ਦਵਾਈਆਂ ਲੈ ਕੇ ਪਹੁੰਚਦੀ ਹੈ ਅਤੇ ਬਾਬੇ ਗੁਰੂ ਨਾਨਕ ਸਾਹਿਬ ਜੀ ਦੀ ਸਿੱਖਿਆ ਅਨੁਸਾਰ ਸਭ ਦੀ ਮੱਦਦ ਕਰਦੇ ਹਨ, ਪਰ ਜਦੋਂ ਕਦੇ ਲੰਗਰ ਲਾਉਣ ਵਾਲਿਆਂ ਤੇ ਆਫਤ ਪੈਂਦੀ ਹੈ ਤਾਂ ਭਾਰਤ ਸਮੇਤ ਕੋਈ ਨਹੀਂ ਅੱਗੇ ਆਉਂਦਾ ਮੱਦਦ ਲਈ ।ਅੱਜ ਲੋੜ ਹੈ ਪੰਜਾਬ ਵਾਸੀਆਂ ਨੂੰ ਇਕੱਠੇ ਹੋ ਕੇ ਆਵਦੀਆਂ ਫਸਲਾਂ, ਨਸਲਾਂ ਨੂੰ ਬਚਾਈਏ, ਪੰਜਾਬ ਦੀਆਂ ਜਿਨੀਆਂ ਵੀ ਕਿਸਾਨ ਜਥੇਬੰਦੀਆਂ ਹਨ, ਨੂੰ ਇਕ ਪਲੇਟਫਾਰਮ ਤੇ ਇਕੱਠੇ ਹੋ ਕੇ ਆਵਦੇ ਜਿਮੀਦਾਰ ਭਰਾਵਾਂ ਦੀ ਬਾਂਹ ਫੜੀਏ, ਜਿਨ੍ਹਾਂ ਦੀਆਂ ਫਸਲਾਂ ਹੜ੍ਹਾਂ ਵਿਚ ਨੁਕਸਾਨੀਆਂ ਗਈਆਂ ਹਨ। ਅੱਗੇ ਗੱਲ ਕਰਦਿਆਂ ਪ੍ਰਧਾਨ ਜੀ ਨੇ ਕਿਹਾ ਕਿ ਅਸੀਂ ਭੀਖ ਨਹੀਂ ਮੰਗਦੇ, ਅਸੀਂ ਤਾਂ ਇਹ ਕਹਿਣਾ ਚਾਹੁੰਦੇ ਜਾਂ ਤਾਂ ਬਹੁਤ ਧਨਾਢ ਇਨਸਾਨ ਹਨ, ਭਾਰਤ ਵਿਚ ਕਿਸੇ ਦਾ ਫੋਕਾ ਬਿਆਨ ਵੀ ਨਹੀਂ ਆਇਆ ਮੱਦਦ ਤਾਂ ਕੀ ਕਰਨੀ ਸੀ।

# ਪੱਤਰਕਾਰ ਦੀਪਕ ਭਾਰਗੋ ਨੂੰ ਲੱਗਾ ਸਦਮਾ ਮਾਤਾ ਦਾ ਹੋਇਆ ਦੇਹਾਂਤ, ਨਮ ਅੱਖ ਨਾਲ ਮਾਤਾ ਰਾਜਕੁਮਾਰੀ ਭਾਰਗੋ ਨੂੰ ਦਿੱਤੀ ਅੰਤਿਮ ਵਿਦਾਈ



ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :— ਫਿਰੋਜ਼ਪੁਰ ਦੇ ਹਲਕਾ ਜੀਰਾ ਤੋ ਚੜਦੀ ਕਲਾ ਤੇ ਸਪੋਕਸਕਮੈਨ ਟੀ.ਵੀ ਦੇ ਪੱਤਰਕਾਰ ਦੀਪਕ ਭਾਰਗੋ ਨੂੰ ਉਸ ਸਮੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪੂਜਨੀਕ ਮਾਤਾ ਰਾਜ ਕੁਮਾਰੀ ਭਾਰਗੋ ਪਿਛਲੇ ਦਿਨਾ ਤੋ ਬਿਮਾਰ ਚੱਲੇ ਆ ਰਹੇ ਸਨ ਨੇ ਦੁਨੀਆਂ ਨੂੰ ਅਲਵਿਦਾ ਕਿਹਾ। ਇਸ ਮੌਕੇ ਤੇ ਸਮੂਹ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਇਲਾਕੇ ਦੀਆਂ ਮਹਾਨ ਸ਼ਖਸੀਅਤਾਂ ਨੇ ਇਸ ਦੁੱਖ ਦੀ ਘੜੀ ਵਿੱਚ ਭਾਰਗੋ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਮਾਤਾ ਰਾਜ ਕੁਮਾਰੀ ਭਾਰਗੋ ਦਾ ਪੂਰੇ ਰੀਤੀ ਰਿਵਾਜਾਂ ਨਾਲ ਸ਼ਹਿਰ ਜੀਰਾ ਦੇ ਸਮਾਧੀ ਰੋਡ ਸਥਿਤ ਸ਼ਮਸ਼ਾਨਘਾਟ ਵਿਖੇ ਸੰਸਕਾਰ ਕੀਤਾ ਗਿਆ, ਜਿਥੇ ਵੱਖ—ਵੱਖ ਰਾਜਸੀ ਤੇ ਸਿਆਸੀ ਆਗੂਆਂ ਵਲੋ ਮਾਤਾ ਰਾਜ ਕੁਮਾਰੀ ਨੂੰ ਨਮ ਅੱਖਾਂ ਨਾਲ ਆਖਰੀ ਵਿਦਾਈ ਦਿੱਤੀ ਗਈ।

## ਪੰਥ ਕੀ ਜੀਤ

# ਪੰਥ ਦੀ ਧੀ ਬੀਬੀ ਸਤਵੰਤ ਕੌਰ ਜੀ ਨੂੰ ਪੰਥਕ ਕੌਂਸਲ ਦੇ ਚੇਅਰਮੈਨ ਬਣਨ ਤੇ ਅਤੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਸਰਬ ਸੰਮਤੀ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਬਣਨ 'ਤੇ ਵਧਾਈਆਂ



# ਪੰਥ ਪ੍ਰਸਿੱਧ ਅੰਤਰਰਾਸ਼ਟਰੀ ਕਥਾਵਾਚਕ ਗਿਆਨੀ ਗੁਰਬਖਸ਼ ਸਿੰਘ ਜੀ ਲੁਧਿਆਣੇ ਵਾਲਿਆਂ ਨੂੰ ਗਹਿਰਾ ਸਦਮਾ



## ਸਤਿਕਾਰਯੋਗ ਪਿਤਾ ਸਰਦਾਰ ਦਰਬਾਰਾ ਸਿੰਘ ਜੀ ਅਕਾਲ ਚਲਾਣਾ ਕਰ ਗਏ

ਅਸੀਂ ਇਹ ਬੜੇ ਦੁਖੀ ਹਿਰਦੇ ਨਾਲ ਜਾਣਕਾਰੀ ਦੇ ਰਹੇ ਹਾਂ ਕਿ

ਆਵਾਜ਼ਿ ਕੌਮ AWAZE QAUM International Newspaper & WEB TV

ਗਿਆਨੀ ਗੁਰਬਖਸ਼ ਸਿੰਘ ਜੀ ਜਿਨਾਂ ਨੂੰ ਅਕਸਰ ਹੀ ਸੰਗਤਾਂ ਗੁਰਦੁਆਰਾ ਸੀਸਗੰਜ ਸਾਹਿਬ ਬੰਗਲਾ ਸਾਹਿਬ ਮੰਜੀ ਸਾਹਿਬ ਸ੍ਰੀ ਦਰਬਾਰ ਸਾਹਿਬ ਤੋਂ ਸੁਣਦੀਆਂ ਰਹਿੰਦੀਆਂ ਹਨ ਉਹਨਾਂ ਦੇ ਸਤਿਕਾਰਯੋਗ ਪਿਤਾ ਸਰਦਾਰ ਦਰਬਾਰਾ ਸਿੰਘ ਜੀ, ਅਕਾਲ ਪੁਰਖ ਵੱਲੋਂ ਬਖਸ਼ੇ ਹੋਏ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਲਗਭਗ 90 ਸਾਲ ਦੀ ਉਮਰ ਭੋਗ ਕੇ ਆਪਣੇ ਜੱਦੀ ਪਿੰਡ ਅਹਿਮਦਪੁਰ ਪੱਟੀ ਵਿਖੇ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ ਗਿਆਨੀ ਗੁਰਬਖਸ਼ ਸਿੰਘ ਜੀ ਉਹਨਾਂ ਦੇ ਅਕਾਲ ਚਲਾਣੇ ਕਰਨ ਤੋਂ ਦੋ ਕੁ ਹਫਤੇ ਪਹਿਲਾਂ ਹੀ ਆਪਣੇ ਗੁਰਮਤਿ ਪ੍ਰਚਾਰ ਦੀ ਫੇਰੀ ਵਾਸਤੇ ਇੰਗਲੈਂਡ ਦੀ ਧਰਤੀ ਤੇ ਪਹੁੰਚੇ ਹੋਏ ਸਨ ਇਹ ਦੁਖਦਾਈ ਖਬਰ ਸੁਣਦਿਆਂ ਉਹਨਾਂ ਨੂੰ ਆਪਣੀ ਸਾਰੀ ਇਹ ਪ੍ਰਚਾਰ ਫੇਰੀ ਵਿੱਚ ਛੱਡ ਕੇ ਵਾਪਸ ਵਤਨੀਂ ਆਉਣਾ ਪਿਆ, ਭਾਈ ਗੁਰਬਖਸ਼ ਸਿੰਘ ਜੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਨੂੰ ਅਕਾਲ ਪੁਰਖ ਵਾਹਿਗੁਰੂ ਦਾ ਭਾਣਾ ਹੀ ਕਹਿ ਸਕਦੇ ਹਾਂ ਅਤੇ ਨਾਲ ਹੀ ਉਹਨਾਂ ਨੇ ਆਪਣੇ ਸਾਰੇ ਇਲਾਕੇ ਦੇ ਸੱਜਣਾਂ ਵੀਰਾਂ ਨੂੰ ਜਿਨਾਂ ਦੇ ਵਿੱਚ ਕਵੀਸ਼ਰੀ ਜਥੇ ਰਾਗੀ ਜਥੇ ਕਥਾਵਾਚਕ ਢਾਡੀ ਜਥਿਆਂ ਨੂੰ ਬੇਨਤੀ ਕੀਤੀ ਹੈ। ਤੇ ਉਹਨਾਂ ਦੇ ਪਿਤਾ ਸਰਦਾਰ ਦਰਬਾਰਾ ਸਿੰਘ ਜੀ ਦੀ ਅੰਤਿਮ ਅਰਦਾਸ 17 ਅਗਸਤ 2025 ਦਿਨ ਐਤਵਾਰ ਨੂੰ ਉਹਨਾਂ ਦੇ ਜੱਦੀ ਪਿੰਡ ਅਹਿਮਦਪੁਰ ਵਿਖੇ ਗੁਰਦੁਆਰਾ ਸਾਹਿਬ ਵਿਖੇ 11:30 ਵਜੇ ਤੋਂ ਲੈ ਕੇ ਡੇਢ ਵਜੇ ਤੱਕ ਹੋਵੇਗੀ ਜਿਸ ਵਿੱਚ ਕੀਰਤਨ ਕਥਾ ਵਿਚਾਰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣਗੇ ਸੋ ਆਪ ਸਭਨਾਂ ਨੇ ਪਹੁੰਚਣ ਦੀ ਕਿਰਪਾਲਤਾ ਕਰਨੀ ਤੇ ਅਸੀਂ ਅਦਾਰਾ ਆਆਵਾਜਿ ਕੌਮ ਵੱਲੋਂ ਭਾਈ ਸਾਹਿਬ ਜੀ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹਾਂ।••




# ਲੈਸਟਰ ਫੁੱਟਬਾਲ ਟੂਰਨਾਮੈਂਟ 2025 ਸੰਪੰਨ










ਪੰਜ ਦਹਾਕਿਆਂ ਤੋਂ ਜਿਆਦਾ ਸਮਾ ਦਾ ਚੱਲ ਰਿਹਾ ਜੀ. ਐਨ. ਜੀ. ਲੈਸਟਰ ਦੀ ਸਲਾਨਾ ਫੁੱਟਬਾਲ ਟੂਰਨਾਮੈਂਟ ਐਤਵਾਰ 3 ਅਗਸਤ ਨੂੰ 9.30 ਵਜੇ ਸਵੇਰੇ ਤੋਂ ਦੁਪਹਿਰ ਬਾਦ 3.30 ਵਜੇ ਤੱਕ ਰਿਵਰਸਾਈਡ ਫੁੱਟਬਾਲ ਗਰਾਂਉਡਜ, ਬਰੌਨਸਟਨ ਲੇਨ ਈਸਟ, ਲੈਸਟਰ ਵਿਖੇ ਕਰਵਾਈ ਗਈ ਜਿੱਸ ਵਿੱਚ ਲੜਕੀਆਂ ਅਤੇ ਲੜਕੈ ਦੀਆਂ ਟੀਮਾਂ ਨੇ ਭਾਗ ਲਿਆ, ਅਨੇਕਾਂ ਹੀ ਫੁੱਟਬਾਲ ਖੇਡ ਪ੍ਰੇਮੀਆਂ ਨੇ ਅਨੰਦ ਮਾਣਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਲੜਕੀਆਂ ਦੇ ਮੈਚ ਸਵੇਰੇ 9.30 ਵਜੇ ਅਰੰਭ ਹੋਏ ਜਿਸ ਵਿੱਚ ਕਵੈਂਟਰੀ, ਕੋਲਵਿੱਲ, ਐਪਵਰਥ ਅਤੇ ਜੀ.ਐਨ.ਜੀ. ਦੀਆਂ ਟੀਮਾਂ ਨੇ ਆਪਸ ਵਿੱਚ ਇੱਕ ਦੂਜੇ ਨਾਲ ਮੈਚ ਖੇਡੇ। ਲੜਕਿਆਂ ਦੇ ਮੈਚ ਦੁਪਿਹਰ ਬਾਅਦ 1.30 ਵਜੇ ਅਰੰਭ ਹੋਏ ਜਿਸ ਵਿੱਚ ਅੰਡਰ 8, ਅੰਡਰ 10, ਅੰਡਰ 13, ਅੰਡਰ 15 ਜੀ.ਐਨ.ਜੀ. ਦੀਆਂ ਟੀਮਾਂ ਨੇ ਹੀ ਭਾਗ ਲਿਆ।

ਇਸ ਫੁੱਟਬਾਲ ਟੂਰਨਾਮੈਂਟ ਤੇ ਬਹੁੱਤ ਹੀ ਪ੍ਵਾਰਿੱਕ ਮਹੌਲ ਸੀ: ਖਿਡਾਰੀਆਂ ਦੇ ਮਾਂ, ਬਾਪ, ਬਾਬਾ ਬੀਬੀ, ਭੈਣ ਭਰਾ, ਰਿਸ਼ਤੇਦਾਰ ਅਤੇ ਦੋਸਤ ਮਿੱਤਰ ਆਏ ਸਨ। ਵਾਹਿਗੁਰੂ ਜੀ ਦੀ ਅਪਾਰ ਕਿਰਪਾ ਸਦਕਾ ਮੌਸਮ ਵੀ ਬਹੁੱਤ ਵਧੀਆ ਸੀ। ਛੋਟੇ ਬੱਚਿਆਂ ਦੇ ਖੇਡਣ ਲਈ 'ਬਾਂਉਸੀ ਕਾਸਲ' ਅਤੇ ਸੱਭ ਲਈ ਗੁਰੂ ਕੇ ਲੰਗਰ ਦਾ ਪ੍ਰਬੰਧ ਸੀ। ਟੂਰਨਾਮੈਂਟ ਵਿੱਚ ਡੀ.ਓ.ਸੀ. ਈਵਿੰਟ ਮੈਡੀਕਲ ਸਰਵਿੱਸਜ ਵਲੋਂ ਸਿਹਤ ਦੇ ਸਬੰਧ ਪੂਰੀ ਤਰਾਂ ਚੇਵਾ ਨਿਭਾਈ ਗਈ।

ਫੁੱਟਬਾਲ ਖੇਡ ਦੇ ਪ੍ਰੇਮੀ ਅਤੇ ਮਾਂ ਬੋਲੀ ਪੰਜਾਬੀ ਦੇ ਸੇਵਾਦਾਰ ਜਿਨ੍ਹਾ ਨੇ ਕੁੱਝ ਸਮਾ ਪਹਿੱਲਾਂ 'ਗੋਲ' ਵਿਡੀਓ ਗੀਤ ਬਣਵਾਇਆ ਸੀ, ਪਾਲ ਸਿੰਘ ਨੰਦਰਾ ਜੀ ਨੇ ਠੰਡੇ ਮਿੱਠੇ ਜਲ ਦੀ ਸੇਵਾ ਕਰਕੇ ਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਤਿੰਨ ਵਜੇ ਸਾਰੇ ਹੀ ਖਿਡਾਰੀਆਂ ਨੂੰ ਓਡਬੀ ਦੇ ਕਾਂਉਸਲਰ ਸੰਤੋਖ ਸਿੰਘ ਅਟਵਾਲ, ਗੁਰੂ ਤੇਗ ਬਹਾਦਰ ਗੁਰਦਵਾਰਾ ਦੇ ਪ੍ਰਧਾਨ ਗੁਰਨਾਮ ਸਿੰਘ ਰਾਏ, ਕੋਹਿਨੂਰ ਰੇਡੀਓ ਦੇ ਮੈਨੇਜਰ ਸ਼ੰਗਾਰਾ ਸਿੰਘ ਰੰਧਾਵਾ, ਮਾਂ-ਬੋਲੀ ਪੰਜਾਬੀ ਦੇ ਸੇਵਾਦਾਰ ਦਰਸ਼ਣ ਸਿੰਘ ਕੰਗ ਅਤੇ ਹੋਰਨਾ ਨੇ ਟਰੋਫੀਆਂ ਪੇਸ਼ ਕੀਤੀਆਂ।

ਜੀ.ਐਨ.ਜੀ. ਫੁੱਟਬਾਲ ਕਲੱਬ ਦੇ ਸੇਵਾਦਾਰ ਲੈਸਟਰ ਸਿਟੀ ਕਾਂਉਸਲਰ ਕੁਲਵਿੰਦਰ ਸਿੰਘ ਜੌਹਲ ਨੇ ਸਾਰੇ ਹੀ ਖਿਡਾਰੀਆਂ, ਮਾਪਿਆਂ, ਸੇਵਾਦਰਾਂ ਅਤੇ ਸਿਹਯੋਗੀਆਂ ਦਾ ਧੰਨਵਾਦ ਕੀਤਾ। ਉਨ੍ਹਾ ਨੇ ਇਹ ਵੀ ਦੱਸਿਆ ਕਿ ਇਹ ਬਹੁੱਤ ਹੀ ਦੁੱਖ ਦੀ ਖਬਰ ਹੈ ਕਿ 25-30 ਸਾਲਾਂ ਤੋਂ ਕਲੱਬ ਦੇ ਖਿਡਾਰੀ, ਕੋਚ, ਮੈਨੇਜਰ, ਇਸ ਟੂਰਨਾਮੈਂਟ ਦੇ ਪ੍ਰਬੰਧਕ ਹਰਦੀਪ ਸਿੰਘ ਦਿਆਲ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ ਅਤੇ ਉਨ੍ਹਾ ਦੀ ਯਾਦ ਵਿੱਚ ਇੱਕ ਚੈਰਿਟੀ ਮੈਚ ਦਾ ਪ੍ਰਬੰਧ ਕੀਤਾ ਜਾਵੇਗਾ। ਟੂਰਨਾਮੈਂਟ ਦੇ ਪ੍ਰਬੰਧਕਾਂ ਨੇ ਲੈਸਟਰ ਸਿਟੀ ਕਾਂਉਸਲ, ਲੈਸਟਰ ਦੇ ਸਮੂਹ ਗੁਰਦਵਾਰਾ ਸਾਹਿਬ, ਸੇਵਾਦਾਰਾਂ ਅਤੇ ਸਿਹਯੋਗੀਆਂ ਦਾ ਧੰਨਵਾਦ ਕੀਤਾ।

### ਪੱਤਰਕਾਰ ਰੇਸ਼ਮ ਸਿੰਘ ਦਾਦੂ ਦੇ ਪਿਤਾ ਨੇਤ ਸਿੰਘ ਜੰਡਵਾਲਾ ਨੂੰ

# ਵੱਖ-ਵੱਖ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ













ਤਲਵੰਡੀ ਸਾਬੋ, 11 ਅਗਸਤ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਅਤੇ ਜ਼ਿਲ੍ਹਾ ਸਿਰਸਾ ਦੇ ਉਘੇ ਪੱਤਰਕਾਰ ਰੇਸ਼ਮ ਸਿੰਘ ਦਾਦੂ ਦੇ ਪਿਤਾ ਨੇਤ ਸਿੰਘ ਜੰਡਵਾਲਾ ਦੇ ਅੰਤਿਮ ਅਰਦਾਸ ਵਿੱਚ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੇ ਅਨੇਕਾਂ ਪ੍ਰਤੀਨਿਧੀਆਂ ਨੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਦੇ ਪਿਤਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਭਾਈ ਕੁਲਦੀਪ ਸਿੰਘ ਦਮਦਮਾ ਸਾਹਿਬ ਵਾਲਿਆਂ ਦੇ ਰਾਗੀ ਜਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਦੇ ਸਾਬਕਾ ਓਐਸਡੀ ਜਗਦੀਸ਼ ਚੋਪੜਾ, ਬੀਜ ਵਿਕਾਸ ਨਿਗਮ ਦੇ ਚੇਅਰਮੈਨ ਦੇਵ ਕੁਮਾਰ ਸ਼ਰਮਾ, ਸਾਬਕਾ ਵਿਧਾਇਕ ਬਲਕੌਰ ਸਿੰਘ ਖਾਲਸਾ, ਕੁਲਦੀਪ ਸਿੰਘ ਗੁਦਰਾਣਾ, ਬਾਬਾ ਦਰਸ਼ਨ ਸਿੰਘ ਖਾਲਸਾ ਦਾਦੂ ਵਾਲੇ, ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਗੁਰਮੀਤ ਸਿੰਘ ਤਿਲੋਕੇਵਾਲਾ, ਬਾਬਾ ਪ੍ਰੀਤਮ ਸਿੰਘ ਜੀ ਮੱਲੜੀ, ਬਾਬਾ ਗੁਰਪਾਲ ਸਿੰਘ ਚੋਰਮਾਰ, ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਔਢਾਂ, ਕਬੱਡੀ ਕੋਚ ਹਰਜੀਤ ਸਿੰਘ ਕੁਲਾਰ, ਪੱਤਰਕਾਰ ਬਹਾਦਰ ਸੋਨੀ ਪਥਰਾਲਾ, ਡਾ. ਬਲਦੇਵ ਸਿੰਘ ਰੋਮਾਣਾ, ਉਪਮੰਡਲ ਪੱਤਰਕਾਰ ਸੰਘ ਕਾਲਾਂਵਾਲੀ, ਤਲਵੰਡੀ ਸਾਬੋ ਤੋਂ ਪੱਤਰਕਾਰ ਰਣਜੀਤ ਸਿੰਘ ਰਾਜੂ, ਮਨੀਸ਼ ਗਰਗ, ਗੁਰਜੰਟ ਸਿੰਘ ਨਥੇਹਾ, ਰਣਜੋਤ ਸਿੰਘ ਰਾਹੀ, ਅੰਮ੍ਰਿਤ ਮਲਕਾਣਾ, ਜਸਵੀਰ ਸਿੱਧੂ, ਬਾਬੂ ਸਿੰਘ ਮਾਨ, ਭੁਪਿੰਦਰ ਸਿੰਘ ਪੰਨੀਵਾਲੀਆ ਅਤੇ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ ਅਤੇ ਤਲਵੰਡੀ ਸਾਬੋ, ਕਾਲਾਂਵਾਲੀ ਇਲਾਕੇ ਦੇ ਪਿੰਡਾਂ ਦੇ ਸਰਪੰਚ, ਨੰਬਰਦਾਰ ਤੇ ਵੱਡੀ ਗਿਣਤੀ ਪਿੰਡ ਵਾਸੀਆਂ ਨੇ ਵੀ ਪਿਤਾ ਨੇਤ ਸਿੰਘ ਜੰਡਵਾਲਾ ਦੇ ਭੋਗ ਅਤੇ ਅੰਤਿਮ ਅਰਦਾਸ ਮੌਕੇ ਸ਼ਮੂਲੀਅਤ ਕੀਤੀ। ਇਸ ਮੌਕੇ 'ਤੇ ਲੋਕ ਭਲਾਈ ਦਾ ਸੁਨੇਹਾ ਦੇ ਮੁੱਖ ਸੰਪਾਦਕ ਬਲਵਿੰਦਰ ਸਿੰਘ ਧਾਲੀਵਾਲ ਨੇ ਆਪਣੇ ਸਮੂਹ ਸਟਾਫ਼ ਸਮੇਤ ਅਤੇ ਪੰਜ ਦਰਿਆ ਅਖਬਾਰ ਦੇ ਸੰਪਾਦਕ ਮਨਦੀਪ ਸਿੰਘ ਖੁਰਮੀ ਸਕਾਟਲੈਂਡ ਯੂਕੇ ਅਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਤਲਵੰਡੀ ਸਾਬੋ ਦੇ ਇੰਚਾਰਜ ਸ਼ਮਸ਼ੇਰ ਸਿੰਘ ਖਾਲਸਾ ਨੇ ਵਿਸ਼ੇਸ਼ ਤੌਰ 'ਤੇ ਆਪਣੇ ਸ਼ੋਕ ਸੰਦੇਸ਼ ਭੇਜੇ।

ਆਵਾਜ਼ਿ ਕੌਮ AWAZE QAUM International Newspaper & WEB TV

# 14 ਅਗਸਤ ਨੂੰ ਫਿਰੋਜ਼ਪੁਰ ਵਿਚ ਮਨਾਇਆ ਜਾਵੇਗਾ ਕਾਲਾ ਦਿਵਸ : ਭੁੱਲਰ



**ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਫਿਰੋਜਪੁਰ ਦੇ ਜਿਲ੍ਹਾ ਪ੍ਰਧਾਨ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਸਿੱਖ ਅਜਾਦ ਨਹੀਂ ਗੁਲਾਮੀ ਦੀਆਂ ਜੰਜੀਰਾਂ ਵਿੱਚ ਜਕੜੇ ਗਏ ਹਨ, ਜਿਸ ਦੇ ਚਲਦਿਆਂ ਜ਼ਿਲ੍ਹਾ ਫਿਰੋਜ਼ਪੁਰ ਵਿੱਚ 14 ਅਗਸਤ ਦਿਨ ਵੀਰਵਾਰ 2025 ਨੂੰ ਸਵੇਰੇ 10:30 ਵਜੇ ਚੁੰਗੀ ਨੰਬਰ 7 ਫਿਰੋਜ਼ਪੁਰ ਕੈਂਟ ਤੋ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਤੱਕ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਤੇ ਦਲ ਖਾਲਸਾ ਸਾਝੇ ਤੋਰ ਤੇ ਕਾਲਾ ਦਿਵਸ ਰੋਸ ਮਾਰਚ ਕੱਢਿਆ ਜਾਵੇਗਾ। ਉਨ੍ਹਾਂ ਕਿਹਾ ਕਿ ਦੋ ਦੇਸ਼ ਅਜਾਦ ਨਹੀਂ ਹੋਏ ਸਗੋਂ ਪੰਜਾਬ ਦੇ ਟੁਕੜੇ ਕਰਕੇ ਪੰਜਾਬੀਆਂ ਨੂੰ ਵੰਡਿਆ ਗਿਆ ਹੈ, ਲੱਖਾਂ ਪੰਜਾਬੀਆਂ ਜਿਸ ਵਿੱਚ ਸਿੱਖ, ਹਿੰਦੂ, ਮੁਸਲਮਾਨ, ਈਸਾਈ ਸਾਰੇ ਪੰਜਾਬੀਆਂ ਨੇ ਆਪਣੇ ਜੀਅ ਗਵਾਏ, ਆਪਣੀਆਂ ਜਮੀਨ ਜਾਇਦਾਦਾਂ, ਘਰ—ਬਾਰ, ਡੰਗਰ ਵੱਛਾ ਛੱਡ ਕੇ ਆਏ ਪਰ ਇਥੇ ਅਜਾਦੀ ਦੀ ਜਗਾਹ ਗੁਲਾਮੀ ਮਿਲੀ। ਗੱਲਬਾਤ ਕਰਦਿਆਂ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਜਿੰਨਾਂ ਨੇ ਕੁਰਬਾਨੀਆਂ ਦਿੱਤੀਆਂ ਉਨ੍ਹਾਂ ਨੂੰ ਜਰਾਇਮ ਪੇਸ਼ਾ ਕਹਿ ਕੇ ਦੁਤਗਾਰਿਆ ਗਿਆ ਪਰ ਜਿੰਨਾਂ ਦੀ ਚੀਚੀ ਤੇ ਚੀਰ ਵੀ ਨਹੀਂ ਆਇਆ ਉਹ ਰਾਜਭਾਗ ਸਾਂਭ ਗਏ। ਉਨ੍ਹਾਂ ਕਿਹਾ ਕਿ ਅਜਾਦੀ ਤੋਂ ਬਾਅਦ ਵੀ ਸਾਡੀ ਨਸਲਕੁਸ਼ੀ ਕੀਤੀ ਗਈ ਚਾਹੇ ਦਰਬਾਰ ਸਾਹਿਬ ਤੇ ਹਮਲਾ ਕੀਤਾ ਤੇ ਕਤਲੋਗਾਰਦ ਕੀਤੀ, ਚਾਹੇ ਦਿੱਲੀ ਦੀਆਂ ਸੜਕਾਂ ਤੇ ਗਲਾਂ ਵਿੱਚ ਟਾਇਰ ਪਾ ਕੇ ਨਸਲਕੁਸ਼ੀ ਕੀਤੀ ਅਤੇ ਧੀਆਂ ਭੈਣਾਂ ਦੀਆਂ ਇੰਜਤਾਂ ਲੁੱਟੀਆਂ ਗਈਆਂ, ਚਾਹੇ ਖਾੜਕੂਵਾਦ ਕਹਿ ਕੇ ਚਾਹੇ ਗੈਂਗਸਟਰ ਕਹਿ ਕੇ ਨਸਲਕੁਸ਼ੀ ਕੀਤੀ ਗਈ, ਚਾਹੇ ਸਜਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਨੂੰ ਜਬਰਦਸਤੀ ਜੇਲ੍ਹਾਂ ਵਿੱਚ ਡਕ ਕੇ ਨੌਜਵਾਨੀ ਖਤਮ ਕਰਨ ਦੀ ਕੋਸ਼ਿਸ ਕੀਤੀ ਜਾ ਰਹੀ ਹੈ ਅਤੇ ਅੱਜ ਵੀ ਸਿੱਖ ਬੱਚਿਆਂ ਨੂੰ ਗੋਲੀ ਦਾ ਨਿਸ਼ਾਨਾਂ ਬਨਾਉਣਾ ਤੇ ਕਤਲੋਗਾਰਦ ਕਰਨਾ ਗੁਲਾਮ ਰੱਖਣਾ ਅਤੇ ਜਬਰਦਸਤੀ ਪੰਜਾਬ ਦੇ ਲੋਕਾਂ ਤੋਂ ਜਮੀਨਾਂ ਖੋਹਣੀਆਂ ਕਈ ਇਹ ਅਜਾਦੀ ਹੈ। ਇਸ ਲਈ ਆਉ ਅਜਾਦ ਦੇਸ਼ ਦੇ ਗੁਲਾਮ ਬਸ਼ਿੰਦਿਓ 14 ਅਗਸਤ 2025 ਨੂੰ ਫਿਰੋਜਪੁਰ ਕੈਟ 7 ਨੰਬਰ ਚੁੰਗੀ ਤੋਂ ਡਿਪਟੀ ਕਮਿਸ਼ਨਰ ਸਾਹਿਬ ਦੇ ਦਫਤਰ ਤੱਕ ਰੋਸ ਮਾਰਚ ਕਰਕੇ ਕਾਲਾ ਦਿਨ ਮਨਾਉਣ ਲਈ ਆਪੋ ਆਪਣਾ ਯੋਗ ਦਾਨ ਪਾਈਏ। ਇਸ ਸਮੇਂ ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਗੁਰਵਿੰਦਰ ਸਿੰਘ ਮੁਹਾਲਮ ਯੂਥ ਪ੍ਰਧਾਨ ਫਿਰੋਜ਼ਪੁਰ, ਜਗਜੀਤ ਸਿੰਘ ਛੂਛਕ ਨੇ ਵੀ ਸਾਰਿਆਂ ਨੂੰ ਕਾਲਾ ਦਿਵਸ ਮਨਾਉਣ ਲਈ ਹੁਮ—ਹਮਾ ਕੇ ਆਉਣ ਦੀ ਬੇਨਤੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਪਾਵਰਕੌਮ ਕਾਮਿਆਂ ਕੀਤਾ ਰੋਸ ਪ੍ਰਦਰਸ਼ਨ



ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :—ਪੀ.ਐਸ.ਈ.ਬੀ ਇੰਪਲਾਈਜ਼ ਜੁਆਇੰਟ ਫੋਰਮ ਬਿਜਲੀ ਮੁਲਾਜ਼ਮ ਅਤੇ ਏਕਤਾ ਮੰਚ ਪੰਜਾਬ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਗਰਿਡ ਸਬ ਸਟੇਸ਼ਨ ਯੂਨੀਅਨ ਵੱਲੋਂ ਦਿੱਤੀ ਗਈ ਕਾਲ ਤੇ ਅੱਜ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਸ਼ਹਿਰੀ ਮੰਡਲ ਸਾਹਮਣੇ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਗੇਟ ਰੈਲੀ ਕੀਤੀ ਗਈ। ਇਸ ਗੇਟ ਰੈਲੀ ਵਿਚ ਸ਼ਹਿਰੀ ਮੰਡਲ ਅਤੇ ਸਬ ਅਰਬਨ ਮੰਡਲ ਦੇ ਬਿਜਲੀ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿਚ ਹਾਜ਼ਰ ਹੋਏ, ਜਦੋਂ ਕਿ ਇਸ ਗੇਟ ਰੈਲੀ ਦੀ ਪ੍ਰਧਾਨਗੀ ਰੋਸ਼ਨ ਲਾਲ ਪ੍ਰਧਾਨ ਵੱਲੋਂ ਕੀਤੀ ਗਈ। ਸਟੇਜ਼ ਦੀ ਕਾਰਵਾਈ ਰਜੇਸ਼ ਦੱਤਾ ਪ੍ਰਧਾਨ ਸ਼ਹਿਰੀ ਮੰਡਲ ਵੱਲੋਂ ਚਲਾਈ ਗਈ ਇਸ ਗੇਟ ਰੈਲੀ ਨੂੰ ਸੰਬੋਧਨ ਕਰਦੇ ਹੋਏ ਸਾਥੀ ਅਸ਼ਵਨੀ ਕੁਮਾਰ, ਸੁਖਚੈਨ ਸਿੰਘ, ਰਕੇਸ਼ ਸੈਣੀ, ਰੋਸ਼ਨ ਲਾਲ, ਰਜੇਸ਼ ਦੱਤਾ, ਅਵਤਾਰ ਸਿੰਘ, ਪ੍ਰਵੇਸ਼ ਕੁਮਾਰ, ਰਾਮ ਸੁੱਖ, ਸਹਿਲ ਚਾਵਲਾ, ਗੁਰਮੇਲ ਸਿੰਘ, ਬਲਵਿੰਦਰ ਸਿੰਘ, ਥੰਮਨ, ਰਨਵੀਰ ਸਿੰਘ, ਦਿਦਾਰ ਸਿੰਘ ਗੁਰਮੁੱਖ ਸਿੰਘ, ਕੁਲਵੰਤ ਸਿੰਘ, ਗੁਰਦਿੱਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਮੁਲਾਜ਼ਮਾਂ ਦੀ 50 ਮੰਗਾਂ ਤੇ ਟਾਲ—ਮਟੋਲ ਕਰਕੇ ਸਮਾਂ ਅੱਗੇ ਪਾਇਆ ਜਾ ਰਿਹਾ। ਇਸ ਕਰਕੇ ਬਿਜਲੀ ਕਾਮੇਆਂ ਨੇ ਮਿਤੀ 11 ਅਗਸਤ 2025 ਤੋਂ ਲੈ ਕੇ 13 ਅਗਸਤ 2025 ਤੱਕ ਛੁੱਟੀ ਤੇ ਜਾਣ ਦਾ ਫੈਸਲਾ ਕੀਤਾ ਹੈ ਕਿ ਆਗੂ ਸਾਥੀਆਂ ਨੇ ਦੱਸਿਆ ਕਿ ਖਾਲੀ ਹੋਈਆਂ ਪੋਸਟਾਂ ਭਰੀਆਂ ਜਾਣ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ, ਨਵੇਂ ਮੁਲਾਜ਼ਮਾਂ ਨੂੰ ਕੇਂਦਰ ਦੀ ਜਗ੍ਹਾ ਪੰਜਾਬ ਦੇ ਸਕੇਲ ਦਿੱਤੇ ਜਾਣ, ਪੁਰਾਣੀ ਪੈਨਸ਼ਨ ਨਵੇਂ ਮੁਲਾਜ਼ਮਾਂ ਨੂੰ ਦਿੱਤੀ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਘਾਤਕ ਹਾਦਸਾ ਵਾਪਰਨ ਦੀ ਸੂਰਤ ਵਿਚ ਮੁਲਾਜ਼ਮਾਂ ਨੂੰ ਮੁਆਵਜਾ ਰਾਸ਼ੀ ਦਿੱਤੀ ਜਾਵੇ ਅਤੇ ਮ੍ਰਿਤਕ ਕਰਮਚਾਰੀਆਂ ਦੇ ਵਾਰਸਾਂ ਨੂੰ ਨੌਕਰੀ ਦਿੱਤੀ ਜਾਵੇ, ਪਰਵੀਸਨਲ ਪੀਰਡ ਖਤਮ ਕੀਤਾ ਜਾਵੇ, ਡਵੀਜਨਾਂ ਅਤੇ ਸ/ਡ ਤੋੜਨੀਆਂ ਬੰਦ ਕੀਤੀਆਂ ਜਾਣ, ਮੁਲਾਜ਼ਮਾਂ ਨੂੰ ਪੌੜੀਆਂ, ਗੱਡੀਆਂ ਦਿੱਤੀਆਂ ਜਾਣ, ਸੇਫਟੀ ਕਿੱਟਾਂ ਦਿੱਤੀਆਂ ਜਾਣ, ਪੁਰਾਣੀਆਂ ਬਿਲਡਿੰਗਾਂ ਦੀ ਮੁਰੰਮਤ ਕਰਵਾਈ ਜਾਵੇ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੈਨਸ਼ਨਰ ਦਾ ਬਣਦਾ ਬਕਾਇਆ ਦਿੱਤਾ ਜਾਵੇ ਜੇਕਰ ਕਰਮਚਾਰੀਆਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ 13 ਪ੍ਰਤੀਸ਼ਤ ਡੀ.ਏ ਸਾਰੇ ਮੁਲਾਜ਼ਮਾਂ ਨੂੰ ਜਾਰੀ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਰਾਜਨੀਤਿਕ ਸਫ਼ਰ ਦੀ ਸ਼ੁਰੂਆਤ ਲਈ ਸ਼ੁੱਭਕਾਮਨਾਵਾਂ ਦਿੱਤੀਆਂ

# ਪ੍ਰੋ. ਸਰਚਾਂਦ ਸਿੰਘ ਨੇ ਗਿਆਨੀ ਹਰਪ੍ਰੀਤ ਸਿੰਘ ਅਤੇ ਬੀਬੀ ਸਤਵੰਤ ਕੌਰ ਨੂੰ ਦਿੱਤੀ ਵਧਾਈ







**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਏ ਜਾਣ ਅਤੇ ਪੰਥਕ ਸ਼ਖ਼ਸੀਅਤ ਬੀਬੀ ਸਤਵੰਤ ਕੌਰ ਨੂੰ ਪਾਰਟੀ ਦੇ ਪੰਥਕ ਕੌਂਸਲ ਦੀ ਚੇਅਰਪਰਸਨ ਚੁਣੇ ਜਾਣ 'ਤੇ ਵਧਾਈ ਅਤੇ ਰਾਜਨੀਤਿਕ ਸਫ਼ਰ ਦੀ ਸ਼ੁਰੂਆਤ ਲਈ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਹਨ। ਉਨ੍ਹਾਂ ਉਮੀਦ ਜਤਾਈ ਤੇ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਨੂੰ ਸਮੁੱਚੇ ਰੂਪ 'ਚ ਰਾਜਸੀ ਅਗਵਾਈ ਦਾ ਮੌਕਾ ਮਿਲਦਾ ਹੈ, ਤਾਂ ਆਸ ਹੈ ਕਿ ਉਹ ਕੌਮ ਅਤੇ ਪੰਜਾਬ ਦੇ ਹਿਤਾਂ ਲਈ ਜ਼ਰੂਰ ਚੰਗਾ ਕਰੇਗਾ ਅਤੇ ਨਵੀਂ ਪਾਰਟੀ ਅਕਾਲੀ ਦਲ ਬਾਦਲ ਦਾ ਰਾਜਨੀਤਿਕ ਵਿਕਲਪ ਬਣੇਗਾ। ਉਨ੍ਹਾਂ ਕਿਹਾ ਕਿ ਪੰਜਾਬ

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਪੰਥ ਦੀ ਤਰਜਮਾਨੀ ਕਰਦੀ ਅਕਾਲੀ ਦਲ ਦੀ ਅਤੇ ਅਕਾਲੀ ਲੀਡਰਸ਼ਿਪ ਦੀ ਲੋੜ ਸੀ ਜੋ ਹੁਣ ਪੂਰੀ ਹੁੰਦੀ ਨਜ਼ਰ ਆ ਰਹੀ ਹੈ।ਉਨ੍ਹਾਂ ਕਿਹਾ ਅਕਾਲੀ ਦਲ ਬਾਦਲ ਦੇ ਆਗੂਆਂ ਨੇ ਬਹਾਨਿਆਂ ਨਾਲ ਗਿਆਨੀ ਹਰਪ੍ਰੀਤ ਸਿੰਘ ਦੀ ਲਗਾਤਾਰ ਕਿਰਦਾਰਕੁਸ਼ੀ ਕਰਕੇ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਹ ਅਡੋਲ ਰਹੇ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਬਾਦਲ ਅਕਾਲੀ ਲੀਡਰਸ਼ਿਪ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹਸਤੀ ਨੂੰ ਬੌਣਾ ਬਣਾਉਣ ਦੀ ਸੋਚ ਅਤੇ ਪਹੁੰਚ ਅਪਣਾ ਕੇ ਸਿੱਖ ਪਰੰਪਰਾ ਨਾਲ ਖਿਲਵਾੜ ਕੀਤਾ। ਬਾਦਲ ਦਲ ਨੇ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਰਾਹੀਂ ਗਿਆਨੀ ਹਰਪ੍ਰੀਤ ਸਿੰਘ ਦੇ ਖ਼ਿਲਾਫ਼ ਲੱਗੇ ਬੇਬੁਨਿਆਦ ਦੋਸ਼ਾਂ ਦੀ ਪੜਤਾਲ ਆਪਣੇ ਚਹੇਤਿਆਂ ਦੀ ਪੜਤਾਲੀਆ ਸਭ ਕਮੇਟੀ ਬਣਾ ਕੇ ਕੀਤੀ। ਰਾਜਨੀਤੀ ਤੋਂ ਪ੍ਰੇਰਿਤ ਅਜਿਹੇ ਫ਼ੈਸਲੇ ਉਨ੍ਹਾਂ ਦੇ ਨੀਅਤ 'ਚ ਖੋਟ ਦਾ ਪਤਾ ਦੇ ਰਿਹਾ ਸੀ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਨੂੰ ਜਥੇਦਾਰੀ ਦੇ ਅਹੁਦੇ ਤੋਂ ਹਟਾਉਣ ਪਿੱਛੇ ਪੰਜ ਸਿੰਘ ਸਾਹਿਬਾਨ ਵੱਲੋਂ ਸੁਖਬੀਰ ਸਿੰਘ ਬਾਦਲ ਅਤੇ ਅਕਾਲੀ ਲੀਡਰਸ਼ਿਪ ਖਿਲਾਫ 2 ਦਸੰਬਰ ਨੂੰ ਸੁਣਾਏ ਗਏ ਸਿਧਾਂਤਕ ਫ਼ੈਸਲਿਆਂ ਹਨ। ਜਿਨ੍ਹਾਂ 'ਚ ਫਖਰੇ ਕੌਮ ਦਾ ਖ਼ਿਤਾਬ ਵਾਪਸ ਲੈਣ, ਅਕਾਲੀ ਦਲ ਦੀ ਭਰਤੀ ਲਈ ਕਮੇਟੀ ਬਣਾਉਣੀ ਅਤੇ ਖ਼ਾਸ ਕਰਕੇ ਮੌਜੂਦਾ ਲੀਡਰਸ਼ਿਪ ਨੂੰ ਸਿਆਸੀ ਅਗਵਾਈ ਲਈ ਅਯੋਗ ਠਹਿਰਾਉਣ ਤੋਂ ਇਲਾਵਾ ਕਈ ਸਾਲਾਂ ਤੋਂ ਪੰਥ ਨਾਲ ਫ਼ਰੇਬ ਕੀਤੇ ਜਾ ਰਹੇ ਹੋਣ ਨੂੰ ਕਬੂਲ ਕਰਾਉਣਾ ਸ਼ਾਮਿਲ ਸੀ। ਉਨ੍ਹਾਂ ਕਿਹਾ ਕਿ 2 ਦਸੰਬਰ ਦੇ ਸਿਧਾਂਤਕ ਫ਼ੈਸਲਿਆਂ ਨੇ ਦੁਨੀਆ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਆਭਾ ਤੋਂ ਜਾਣੂ ਕਰਾਇਆ। ਇਹ ਸੱਚ ਹੈ ਤਾਂ ਗੁਰੂ ਪੰਥ ਅਜਿਹੇ ਕਿਸੇ ਵੀ ਫ਼ੈਸਲੇ ਨੂੰ ਬਦਲਣ ਪ੍ਰਤੀ ਚੌਕਸ ਹੈ ਜਿਨ੍ਹਾਂ ਨਾਲ ਪੰਥਕ ਜਜ਼ਬਾਤ ਜੁੜੇ ਹੋਏ ਹਨ।

ਉਨ੍ਹਾਂ ਕਿਹਾ ਕਿ ਵੋਟ ਰਾਜਨੀਤੀ ਦੇ ਅਮਲ ਨਾਲ ਪੰਥਕ ਸੁਰਤ ਵਿਚੋਂ ਜਥੇਦਾਰ ਨੂੰ ਚੁਣਨ ਦੀ ਪੰਥਕ ਵਿਧੀ ਖ਼ਤਮ ਕਰ ਦਿੱਤੀ ਗਈ, ਅੱਜ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦੀ ਨਿਯੁਕਤੀ ਕੇਵਲ ਸ਼੍ਰੋਮਣੀ ਕਮੇਟੀ ਦੁਆਰਾ ਕੀਤੀ ਜਾਂਦੀ ਹੈ, ਜਿਸ 'ਤੇ ਅਕਾਲੀ ਦਲ ਦਾ ਚਿਰਾਂ ਤੋਂ ਗ.ਲਬਾ ਚਲਿਆ ਆ ਰਿਹਾ ਹੈ।ਉਨ੍ਹਾਂ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਦੇ ਕੰਮਾਂ ਨਾਲ ਚਾਹੇ ਹਰ ਕੋਈ ਸਹਿਮਤ ਨਾ ਹੋਵੇ ਪਰ ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਉਨ੍ਹਾਂ ਦੀ ਦੂਰ ਅੰਦੇਸ਼ੀ ਅਤੇ ਸੁਹਿਰਦ ਕਾਰਗੁਜ਼ਾਰੀ ਨੇ ਜਥੇਦਾਰ ਦੇ ਪਦਵੀ ਦੀ ਗਰਿਮਾ ਨੂੰ ਜ਼ਰੂਰ ਬਹਾਲ ਕੀਤਾ ਹੈ। ਦੇਸ਼ ਵਿਦੇਸ਼ ਦੇ ਸਿੱਖਾਂ ਵਿਚ ਜਥੇਦਾਰਾਂ ਪ੍ਰਤੀ ਵਿਸ਼ਵਾਸ ਨੂੰ ਮੁੜ ਸੁਰਜੀਤ ਹੋਇਆ।ਆਪਣੇ ਵੱਲੋਂ ਥਾਪੇ ਹੋਏ ਜਥੇਦਾਰ ਦੀ ਉਨ੍ਹਾਂ 'ਤੇ ਹੀ ਸਵਾਲ ਕਰਨ ਦੀ ਦਲੇਰੀ ਅਕਾਲੀ ਲੀਡਰਸ਼ਿਪ ਕਿਵੇਂ ਬਰਦਾਸ਼ਤ ਕਰ ਸਕਦੀ ਸੀ। ਭਾਵੇਂ ਅਕਾਲੀ ਲੀਡਰਸ਼ਿਪ ਦੀਆਂ ਖਵਾਇਸ਼ ਦੀ ਪੂਰਤੀ ਕਰਨੀ ਜਥੇਦਾਰੀ ਦੌਰਾਨ ਉਨ੍ਹਾਂ ਲਈ ਮਜਬੂਰੀ ਰਹੀ ਹੋਵੇ, ਪਰ ਉਨ੍ਹਾਂ ਨੇ 'ਅਕਾਲੀ ਦਲ' ਅਤੇ ਬਾਦਲ ਪਰਿਵਾਰ ਦੀਆਂ ਖ਼ਾਮੀਆਂ ਅਤੇ ਗ.ਲਤੀਆਂ ਨੂੰ ਵੀ ਕਈ ਵਾਰ ਨਿਸ਼ਾਨੇ ਲਿਆ। ਜਿਨ੍ਹਾਂ ਗੱਲਾਂ ਨੇ ਅਕਾਲੀ ਲੀਡਰਸ਼ਿਪ ਨੂੰ ਆਪੇ ਤੋਂ ਬਾਹਰ ਕੀਤਾ ਉਨ੍ਹਾਂ 'ਚ ਅਕਾਲੀ ਦਲ 'ਤੇ ਕੀਤੀਆਂ ਗਈਆਂ ਸਖ਼ਤ ਟਿੱਪਣੀਆਂ ਅਕਾਲੀ ਲੀਡਰਸ਼ਿਪ ਲਈ ਇਕ ਵੱਡੀ ਵੰਗਾਰ ਅਤੇ ਚਿਤਾਵਨੀ ਸੀ। ਇਸ ਤੋਂ ਇਲਾਵਾ ਜਥੇਦਾਰ ਹਰਪ੍ਰੀਤ ਸਿੰਘ ਦਾ ਇਹ ਬਿਆਨ ਕਿ "50 ਸਾਲ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦਾ ਮੁੱਖ ਏਜੰਡਾ ਸਿੱਖ ਪੰਥ ਅਤੇ ਗੁਰਦੁਆਰਿਆਂ ਦੀ ਚੜ੍ਹਦੀ ਕਲਾ ਸੀ, ਅੱਜ ਸਾਡੀ ਸੋਚ 'ਚੋਂ ਸਿੱਖ ਪੰਥ ਅਤੇ ਗੁਰਦੁਆਰੇ ਦੋਵੇਂ ਮਨਫ਼ੀ ਹੋ ਗਏ।" ਇਹ ਉਹ ਗੱਲਾਂ ਸਨ, ਜੋ ਅਕਾਲੀ ਲੀਡਰਸ਼ਿਪ ਤੋਂ ਬਰਦਾਸ਼ਤ ਨਹੀਂ ਸੀ ਹੋ ਰਹੀਆਂ। ਅਕਾਲੀ ਲੀਡਰਸ਼ਿਪ ਜਥੇਦਾਰ 'ਤੇ ਦਬਾਅ ਪਾਉਣ ਵਿਚ ਅਸਫਲ ਰਹੇ ਤਾਂ ਉਨ੍ਹਾਂ ਨੇ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਥੇਦਾਰ ਦੇ ਅਹੁਦੇ ਤੋਂ ਉਨ੍ਹਾਂ ਨੂੰ ਹਟਾ ਦਿੱਤਾ। ਉਨ੍ਹਾਂ ਦਾ ਜਾਣਾ ਤੈਅ ਸੀ। ਜਥੇਦਾਰ ਨੂੰ ਮੌਜੂਦਾ ਸਮੇਂ ਅਸਲ ਮਾਰਗ ਤੋਂ ਭਟਕ ਚੁੱਕੀ ਅਕਾਲੀ ਲੀਡਰਸ਼ਿਪ ਨੂੰ ਆਪਣੀਆਂ ਸਿਆਸੀ ਇੱਛਾਵਾਂ ਤੋਂ ਦੂਰ ਰਹਿਣ ਅਤੇ ਪੰਥਕ ਏਜੰਡੇ ਵੱਲ ਮੁੜਨ ਲਈ ਆਪਣੀ 'ਸਲਾਹ' ਦੀ ਕੀਮਤ ਚੁਕਾਉਣੀ ਪਈ। ਬੇਸ਼ੱਕ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੀ ਕਾਬਲੀਅਤ ਨੂੰ ਸਾਬਤ ਕੀਤਾ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸਿਖਰਲੇ ਅਕਾਲੀ ਆਗੂਆਂ ਦੀ ਧੌਂਸਵਾਦੀ ਸਿਆਸਤ ਨੇ ਪੰਥਕ ਸੋਚ ਵਾਲੇ ਸਾਰੇ ਭਰਮ-ਭੁਲੇਖੇ ਕਾਫ਼ੂਰ ਕਰ ਦਿੱਤੇ ਹਨ। ਅੱਜ ਹਰ ਫ਼ਰੰਟ 'ਤੇ ਮੂੰਹ ਦੀ ਖਾਣ ਤੋਂ ਬਾਅਦ ਅਕਾਲੀ ਦਲ ਮੁੜ ਪੰਥਕ ਸਰੂਪ ਅਤੇ ਸਿਆਸਤ ਵਲ ਮੋੜਾ ਕੱਟਣ ਦਾ ਪੈਂਤੜਾ ਅਪਣਾਉਣ ਦੀ ਨਾਕਾਮ ਕੋਸ਼ਿਸ਼ ਵਿਚ ਹੈ। ਬੇਸ਼ੱਕ ਹੁਣ ਬਹੁਤ ਜਲਦ ਪੰਜਾਬ ਅਤੇ ਪੰਥਕ ਸਿਆਸਤ ਅੰਦਰ ਨਵੇਂ ਸਿਆਸੀ ਸਮੀਕਰਨ ਅਤੇ ਤਬਦੀਲੀਆਂ ਦੇਖਣ ਨੂੰ ਮਿਲਣਗੀਆਂ।

### ਕਿਸੇ ਨੂੰ ਪੰਥਕ ਹੋਣ ਜਾਂ ਨਾਂ ਹੋਣ ਦੇ ਸਰਟੀਫਿਕੇਟ ਦੇਣ ਤੋਂ ਪਹਿਲਾਂ

# ਸੁਖਬੀਰ ਬਾਦਲ ਆਪਣੀ ਪੀੜ੍ਹੀ ਥੱਲੇ ਸੋਟਾ ਫੇਰਨ : ਸ਼ਮਸ਼ੇਰ ਸਿੰਘ ਪੱਧਰੀ



**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ) -** ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਸੁਖਬੀਰ ਸਿੰਘ ਬਾਦਲ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਬਾਰੇ ਦੁਬਈ ਤੋਂ ਆਏ ਤੇ ਪੰਥਕ ਬਣਨ ਦਾ ਦਾਅਵਾ' ਵਾਲੇ

ਆਵਾਜ਼ਿ ਕੌਮ AWAZE QAUM International Newspaper & WEB TV

ਬਿਆਨ ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਹੋਇਆਂ ਕਿਹਾ ਕਿ ਸੁਖਬੀਰ ਬਾਦਲ ਦਾ ਇਹ ਬਿਆਨ ਨਾਂ ਸਿਰਫ਼ ਸਿੱਖ ਪੰਥ ਦੇ ਇਕ ਯੋਧੇ 'ਤੇ ਘਟੀਆ ਤੰਜ਼ ਹੈ, ਸਗੋਂ ਉਹਨਾਂ ਸਾਰੇ ਸਿੱਖ ਨੌਜਵਾਨਾਂ ਦੀ ਬੇਇਜ਼ਤੀ ਹੈ ਜੋ ਵਿਦੇਸ਼ਾਂ ਵਿੱਚ ਰਹਿ ਕੇ ਵੀ ਗੁਰੂ ਦੇ ਘਰ ਅਤੇ ਕੌਮ ਲਈ ਆਪਣੀ ਜਾਨ ਤੱਕ ਵਾਰਨ ਲਈ ਤਿਆਰ ਰਹਿੰਦੇ ਹਨ। ਉਹਨਾਂ ਕਿਹਾ ਕਿ ਪੰਥਕ ਸੇਵਾ ਦਾ ਮਾਪਦੰਡ ਕਿਸੇ ਦਾ ਪਾਸਪੋਰਟ ਜਾਂ ਰਹਿਣ ਦਾ ਪਤਾ ਨਹੀਂ ਹੁੰਦਾ, ਸਗੋਂ ਉਸਦੀ ਨਿਸ਼ਕਾਮ ਸੇਵਾ, ਗੁਰੂ ਦੇ ਹੁਕਮ ਨਾਲ ਨਿਭਾਓ ਅਤੇ ਜ਼ੁਲਮ ਦੇ ਖ਼ਿਲਾਫ਼ ਖੜ੍ਹਨ ਦਾ ਜਜ਼ਬਾ ਹੁੰਦਾ ਹੈ। "ਜਿਹੜਾ ਮਨੁੱਖ ਆਪਣਾ ਆਰਾਮ, ਕਾਰੋਬਾਰ ਤੇ ਜੀਵਨ ਛੱਡ ਕੇ ਪੰਥ ਅਤੇ ਪੰਜਾਬ ਲਈ ਮੈਦਾਨ ਵਿੱਚ ਆ ਜਾਂਦਾ ਹੈ, ਉਸਨੂੰ 'ਵਿਦੇਸ਼ ਤੋਂ ਆਇਆ' ਕਹਿ ਕੇ ਘਟੀਆ ਤੌਰ 'ਤੇ ਪੇਸ਼ ਕਰਨਾ ਸਿਰਫ਼ ਰਾਜਨੀਤਕ ਈਰਖਾ ਤੇ ਸੱਚ ਦਾ ਡਰ ਹੈ।" ਸ਼ਮਸ਼ੇਰ ਸਿੰਘ ਪੱਧਰੀ ਨੇ ਤਿੱਖਾ ਸਵਾਲ ਚੁੱਕਦਿਆਂ ਕਿਹਾ ਕਿ, "ਇਕ ਉਹ ਪਰਿਵਾਰ, ਜਿਸਨੇ ਸਿੱਖੀ ਨੂੰ ਦਾਅ 'ਤੇ ਲਗਾ ਦਿੱਤਾ ਹੋਵੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਕਾਲੇ ਦੌਰ ਵਿੱਚ ਰਾਜ ਕਰਦੇ ਹੋਏ ਜ਼ਿੰਮੇਵਾਰੀ ਤੋਂ ਮੂੰਹ ਮੋੜਿਆ ਹੋਵੇ, ਜਿਸ ਦੇ ਉੱਤੇ ਧਾਰਮਿਕ ਅਤੇ ਸਮਾਜਿਕ ਇਲਜ਼ਾਮਾਂ ਦੀ ਲੰਮੀ ਲਿਸਟ ਹੋਵੇ ਹੁਣ ਉਹ ਕੌਣ ਹੁੰਦੇ ਹਨ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਪੰਥਕ ਹੋਣ ਜਾਂ ਨਾ ਹੋਣ ਦਾ ਸਰਟੀਫਿਕੇਟ ਜਾਰੀ ਕਰਨ ਵਾਲੇ ? ਪੱਧਰੀ ਨੇ ਸੁਖਬੀਰ ਬਾਦਲ ਦੇ ਇਸ ਦੋਸ਼ 'ਤੇ ਵੀ ਕਰਾਰਾ ਜਵਾਬ ਦਿੱਤਾ ਕਿ "ਇਹ ਘਰ ਵਿੱਚ ਨਸ਼ਾ ਕਰਦੇ ਹਨ÷। ਉਹਨਾਂ ਕਿਹਾ, "ਸੁਖਬੀਰ ਬਾਦਲ ਨੂੰ ਇਹ ਸ਼ਬਦ ਮੂੰਹ 'ਤੇ ਲਿਆਉਣ ਤੋਂ ਪਹਿਲਾਂ ਆਪਣੇ ਸਭ ਤੋਂ ਨੇੜਲੇ ਰਿਸ਼ਤੇਦਾਰਾਂ ਅਤੇ ਆਪਣੇਂ ਘਰ-ਪਰਿਵਾਰ ਦੇ ਹਾਲਾਤਾਂ ਵੱਲ ਨਿਗਾਹ ਮਾਰ ਲੈਣੀ ਚਾਹੀਦੀ ਸੀ। ਜਿਨ੍ਹਾਂ ਦੇ ਰਾਜ ਵਿੱਚ ਪੰਜਾਬ ਨਸ਼ੇ ਦੀ ਗੜ ? ਬਣਿਆ, ਜਿੱਥੇ ਘਰ-ਘਰ ਦੇ ਚਿਰਾਗ ਬੁਝੇ, ਉਹ ਕਿਸੇ ਹੋਰ 'ਤੇ ਇਹ ਦੋਸ਼ ਲਾਉਣ ਤੋਂ ਪਹਿਲਾਂ ਆਪਣੇਂ ਰਿਪੋਰਟ ਕਾਰਡ ਵੀ ਚੈੱਕ ਕਰਨ।" ਉਹਨਾਂ ਕਿਹਾ ਕਿ ਪੰਜਾਬ ਤੇ ਸਿੱਖ ਕੌਮ ਜਾਣਦੀ ਹੈ ਕਿ ਅੱਜ ਕੌਣ ਪੰਥ ਤੇ ਪੰਜਾਬ ਖ਼ਾਤਰ ਮੋਰਚੇ 'ਤੇ ਖੜ੍ਹਾ ਹੈ ਤੇ ਕੌਣ ਕੁਰਸੀ ਬਚਾਉਣ ਲਈ ਪੰਥਕ ਮੁੱਦਿਆਂ ਦਾ ਸੌਦਾ ਕਰਦਾ ਰਿਹਾ ਹੈ। "ਸੁਖਬੀਰ ਬਾਦਲ ਨੂੰ ਚਾਹੀਦਾ ਹੈ ਕਿ ਪਹਿਲਾਂ ਆਪਣੇ ਘਰ ਅਤੇ ਆਪਣੇ ਪਾਰਟੀ ਦੇ ਪਰਦੇ ਪਿਛਲੀਆਂ ਸੱਚਾਈਆਂ ਵੱਲ ਝਾਤ ਮਾਰਨ, ਫਿਰ ਕਿਸੇ ਹੋਰ ਦੀ ਇਮਾਨਦਾਰੀ 'ਤੇ ਉਂਗਲ ਚੁੱਕਣ ਦੀ ਹਿੰਮਤ ਕਰਨ।" ਸ਼ਮਸ਼ੇਰ ਸਿੰਘ ਪੱਧਰੀ ਨੇ ਅੰਤ ਵਿੱਚ ਕਿਹਾ ਕਿ ਇਤਿਹਾਸ ਹਮੇਸ਼ਾਂ ਉਹਨਾਂ ਦੇ ਨਾਮ ਸੁਨਹਿਰੀ ਅੱਖਰਾਂ ਨਾਲ ਲਿਖਦਾ ਹੈ ਜੋ ਸੱਚ ਅਤੇ ਪੰਥ ਕੌਮ ਦੀ ਚੜਦੀ ਕਲਾ ਲਈ ਡਟੇ ਰਹਿੰਦੇ ਹਨ, ਅਤੇ ਕਾਲੇ ਅੱਖਰਾਂ ਵਿੱਚ ਉਹਨਾਂ ਨੂੰ ਦਰਜ ਕਰਦਾ ਹੈ ਜੋ ਆਪਣੇਂ ਲਾਲਚ ਲਈ ਧਰਮ ਅਤੇ ਕੌਮ ਨੂੰ ਬਰਬਾਦੀ ਦੇ ਕੰਡੇ ਤੇ ਲਿਆ ਖੜਾ ਕਰਦੇ ਹਨ।

**ਸੁਖਬੀਰ ਬਾਦਲ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੇ ਵਿਰੁੱਧ ਦਿੱਤੇ ਬਿਆਨ 'ਤੇ ਸ਼ਮਸ਼ੇਰ ਸਿੰਘ ਪੱਧਰੀ ਦੀ ਤਿੱਖੀ ਪ੍ਰਤੀਕਿਰਿਆ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ



ਫ਼ਿਰੋਜ਼ਪੁਰ, 11 ਅਗਸਤ (ਮਨੋਹਰ ਲਾਲ) :– ਸੇਵਾ ਦੇ ਪੁੰਜ ਕਹਿਣੀ ਕਥਨੀ ਦੇ ਮਾਲਿਕ ਹਰ ਸਮੇਂ ਸੰਗਤਾਂ ਨੂੰ ਨਾਮ ਜਪਾਉਣ ਅਤੇ ਹਰ ਵੇਲੇ ਗੁਰਬਾਣੀ ਦਾ ਜਾਪ ਕਰਦੇ ਰਹਿਣਾ ਸਾਦਾ ਜੀਵਨ ਹਉਮੇ ਤੋਂ ਰਹਿਦ ਸਾਂਦੇ ਪਰਿਵਾਰ ਵਿਚ ਜਨਮੇ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੂੰ ਪੰਜਾਬ ਵਿਚ ਕੌਣ ਨਹੀਂ ਜਾਣਦਾ, ਉਨ੍ਹਾਂ ਦਾ ਜੀਵਨ ਇਕ ਖੁਲੀ ਕਿਤਾਬ ਹੈ, ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਦਾ ਜਨਮ 1958 ਵਿਚ ਸਰਦਾਰ ਅਜਮੇਰ ਸਿੰਘ ਦੇ ਘਰ ਮਾਤਾ ਜੰਗੀਰ ਕੌਰ ਦੀ ਕੁਖੋਂ ਪਿੰਡ ਤੂਤ ਵਿਖੇ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਪ ਜੀ ਨੇ ਪ੍ਰਾਇਮਰੀ ਦੀ ਵਿਦਿਆ ਪਿੰਡ ਤੂਤ ਤੋਂ ਪ੍ਰਾਪਤ ਕੀਤੀ ਅਤੇ ਬਾਅਦ ਵਿਚ ਪਿਤਾ ਦਾ ਹੱਥ ਵਟਾਉਣ ਵਿਚ ਖੇਤੀਬਾੜੀ ਦੇ ਕਾਰੋਬਾਰ ਵਿਚ ਲੱਗ ਗਏ। ਬਚਪਨ ਵਿਚ ਆਪ ਇਕ ਵਾਰ ਬਹੁਤ ਬਿਮਾਰ ਹੋ ਗਏ ਅਤੇ ਮਾਤਾ–ਪਿਤਾ ਨੂੰ ਜਿੰਦਗੀ ਦੀ ਹੋਈ ਆਸ ਨਹੀਂ ਰਹੀ, ਪਰਿਵਾਰ ਵੱਲੋਂ ਕੜਾਹ ਪ੍ਰਸਾਦ ਤਿਆਰ ਕਰਕੇ ਗੁਰੂ ਸਾਹਿਬ ਦੇ ਚਰਨਾਂ ਵਿਚ ਤੰਦਰੁਸਤੀ ਦੀ ਅਰਦਾਸ ਬੇਨਤੀ ਕੀਤੀ ਗਈ ਕਿ ਹੇ ਅਕਾਲ ਪੁਰਖ ਜੇਕਰ ਇਹ ਬੱਚਾ ਤੰਦਰੁਸਤ ਹੋ ਜਾਂਦਾ ਹੈ ਤਾਂ ਆਪ ਜੀ ਦੇ ਸ਼ਹੀਦਾਂ ਦੇ ਅਸਥਾਨਾਂ ਦੀ ਸੇਵਾ ਨੂੰ ਅਰਪਨ ਹੋਵੇਗਾ। ਕੁਝ ਸਮੇਂ ਬਾਅਦ ਆਪ ਬਿਲਕੁਲ ਠੀਕ ਹੋ ਗਏ। ਸਮਾਂ ਲੰਘਦਾ ਗਿਆ ਮਾਤਾ–ਪਿਤਾ ਵੱਲੋਂ ਕੀਤੀ ਅਰਦਾਸ ਵਿਸਰ ਗਏ ਕਿ ਕਿਸੇ ਸਮੇਂ ਇਹ ਬੱਚਾ ਸ਼ਹੀਦਾਂ ਦੇ ਅਸਥਾਨਾਂ ਦੀ ਸੇਵਾ ਨੂੰ ਅਰਪਨ ਕੀਤਾ ਹੋਇਆ ਸੀ, ਘਰ ਵਿਚ ਪਰੇਸ਼ਾਨੀਆਂ ਫਿਰ ਤੋਂ ਸ਼ੁਰੂ ਗਈਆਂ। ਖੇਤੀਬਾੜੀ ਦਾ ਕਾਰੋਬਾਰ ਕਰਦਿਆਂ ਇਕ ਦਿਨ ਆਪ ਜੀ ਦੀ ਲੱਤ ਦੋ ਥਾਵਾਂ ਤੋਂ ਟੁੱਟ ਗਈ। ਕਰੀਬ 15 ਦਿਨ ਬਾਅਦ ਬਾਬਾ ਜੀ ਵਚਨ ਹੋਇਆ ਕਿ ਇਹ ਬੱਚਾ ਤਾਂ ਆਪਨੇ ਕਿਸੇ ਸਮੇਂ ਸ਼ਹੀਦਾਂ ਦੇ ਅਸਥਾਨਾਂ ਨੂੰ ਅਰਪਨ ਕੀਤਾ ਸੀ, ਅੱਜ ਤੋਂ ਬਾਅਦ ਇਹ ਸ਼ਹੀਦਾਂ ਦੇ ਅਸਥਾਨਾਂ ਦੀ ਸੇਵਾ ਸੰਭਾਲ ਕਰੇਗਾ। ਮਾਤਾ–ਪਿਤਾ ਨੂੰ ਕੀਤੀ ਅਰਦਾਸ ਯਾਦ ਆਈ ਅਤੇ ਆਪ ਜੀ ਨੂੰ ਇਸ ਅਸਥਾਨਾਂ ਦੀ ਸੇਵਾ ਲਈ ਅਰਪਨ ਕਰ ਦਿੱਤਾ ਗਿਆ। ਆਪ ਜੀ ਨੇ 1980 ਵਿਚ ਆਪ ਜੀ ਇਸ ਅਸਥਾਨ ਉਪਰ ਸੇਵਾ ਸ਼ੁਰੂ ਕੀਤੀ ਅਤੇ ਇਸ ਸਮੇਂ ਇਸ ਅਸਥਾਨ ਉਪਰ ਸੰਤ ਪ੍ਰਮੇਸ਼ਰਪੁਰੀ ਜੀ ਸੇਵਾ ਨਿਭਾਅ ਰਹੇ ਸਨ, 20–1–1984 ਨੂੰ ਸੰਤ ਪ੍ਰਮੇਸ਼ਰਪੁਰੀ ਜੀ ਦੇ ਚੋਲਾ ਛੱਡਣ ਤੋਂ ਬਾਅਦ 27–1–1984 ਨੂੰ ਨਗਰ ਅਤੇ ਇਲਾਕੇ ਦੀ ਸੰਗਤ ਵੱਲੋਂ ਦਸਤਾਰ ਬੰਦੀ ਕਰਕੇ ਮੁੱਖ ਸੇਵਾਦਾਰ ਦੇ ਤੌਰ ਤੇ ਸੇਵਾ ਸੌਂਪ ਦਿੱਤੀ ਗਈ। ਦਸਤਾਰਬੰਦੀ ਤੋਂ ਬਾਅਦ ਆਪ ਜੀ ਨੇ ਇਲਾਕੇ ਅਤੇ ਨਗਰ ਦੀ ਸੰਗਤ ਨੂੰ ਸੁਚੱਜੀ ਅਗਵਾਈ ਦੇ ਕੇ ਇਸ ਅਸਥਾਨਾਂ ਦੀ ਅਧੂਰੀ ਪਈ ਸੇਵਾ ਨੂੰ ਕਰਵਾਉਣ ਲਈ ਪ੍ਰੇਰਿਤ ਕੀਤਾ, ਜਿਸ ਸਮੇਂ ਆਪ ਨੇ ਸੇਵਾ ਸੰਭਾਲੀ ਉਸ ਸਮੇਂ ਪੁਰਾਣਾ ਦਰਬਾਰ ਸਾਹਿਬ ਅਤੇ ਛੋਟੀ ਜਿਹੀ ਲੰਗਰ ਤਿਆਰ ਕਰਨ ਦੀ ਇਮਾਰਤ ਹੀ ਬਣੀ ਹੋਈ ਸੀ। ਉਸ ਤੋਂ ਬਾਅਦ ਆਪ ਜੀ ਵੱਲੋਂ ਸ਼ਹੀਦ ਸਿੰਘਾਂ ਦੇ ਕਮਰੇ ਦੀ ਅਲੱਗ ਤਿਆਰੀ, ਲੰਗਰ ਹਾਲ, ਸੰਗਤ ਲਈ ਰਿਹਾਇਸ਼ੀ ਕਮਰੇ, ਸੇਵਾਦਾਰਾਂ ਲਈ ਰਿਹਾਇਸ਼ੀ ਕਮਰੇ, ਦਰਬਾਰ ਸਾਹਿਬ ਦੀ ਪੰਜ ਮੰਜਲੀ ਇਮਾਰਤ ਆਦਿ ਤਿਆਰ ਕਰਵਾਏ। ਇਲਾਕੇ ਵਿਚ ਵਿਦਿਆ ਦੀ ਘਾਟ ਨੂੰ ਪੂਰਾ ਕਰਨ ਲਈ ਸ਼ਹੀਦ ਬਾਬਾ ਹਿੰਮਤ ਸਿੰਘ ਪਬਲਿਕ ਸਕੂਲ ਦਾ ਨਿਰਮਾਣ ਕਰਵਾਇਆ, ਸੰਗਤਾਂ ਨੂੰ ਗੁਰਮਤਿ ਤੋਂ ਜਾਣੂ ਕਰਵਾਉਣ ਲਈ ਗੁਰਮਤਿ ਸਮਾਗਮਾਂ ਦਾ ਪ੍ਰਬੰਧ ਕਰਨਾ ਅਤੇ ਪੰਜ ਪਿਆਰੇ ਸਾਹਿਬਾਨ ਬੁਲਾ ਕੇ ਅੰਮ੍ਰਿਤ ਛਕਾਉਣ ਖਾਸ ਕਾਰਜ ਹਨ। ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸਖਤ ਮਿਹਨਤ ਕੀਤੀ, ਜਿਨ੍ਹਾਂ ਨੇ ਰਾਤ–ਦਿਨ ਸੰਗਤਾਂ ਨੂੰ ਨਾਮ ਨਾਲ ਜ਼ੋੜਿਆ ਅਤੇ ਲੱਖਾਂ ਸੰਗਤਾਂ ਨੂੰ ਗੁਰੂ ਨਾਲ ਜ਼ੋੜਿਆ, ਭਾਵੇਂ ਕਿ ਇਸ ਕੜੀ ਮਿਹਨਤ ਨਾਲ ਉਨ੍ਹਾਂ ਦੇ ਸਰੀਰ ਉਪਰ ਕਸਟ ਆਇਆ, ਪਰ ਗੁਰੂ ਸਾਹਿਬ ਨੇ ਆਪ ਸਹਾਈ ਹੋ ਕੇ ਦੁੱਖ ਦੂਰ ਕੀਤਾ। ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸੰਗਤਾਂ ਨੂੰ ਉਪਦੇਸ਼ ਦਿੰਦੇ ਹਨ ਕਿ ਉਹ ਦਸਾਂ ਪਾਤਸ਼ਾਹੀਆਂ ਦੀ ਜ਼ੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਹਾਜ਼ਰ ਨਾਜ਼ਰ ਮੰਨੋ, ਕਿਸੇ ਦੇਹਧਾਰੀ ਗੁਰੂ ਦੀ ਪੂਜਾ ਮਨਮੱਤ ਹੈ। ਹਰ ਇਕ ਧਰਮ ਦਾ ਬਰਾਬਰ ਸਤਿਕਾਰ ਕਰੋ, ਅੰਮ੍ਰਿਤ ਛਕ ਕੇ ਸਿੰਘ ਸਜਣਾ ਹਰ ਇਕ ਗੁਰਸਿੱਖ ਦਾ ਫਰਜ਼ ਹੈ। ਵਾਹਿਗੁਰੂ ਦਾ ਜਾਪ ਮਨ ਵਿਚ ਹਉਮੇ ਪੈਦਾ ਨਹੀਂ ਹੋਣ ਦਿੰਦਾ, ਗੁਰਸਿੱਖ ਪ੍ਰਮਾਤਮਾ ਦੀ ਕੀਤੀ ਤੇ ਕਿੰਤੂ–ਪ੍ਰੰਤੂ ਨਾ ਕਰੋ, ਸਗੋਂ ਉਸਦਾ ਭਾਣਾ ਮੰਨੋ ਅਤੇ ਗੁਰਸਿੱਖ ਦੁੱਖ ਵੇਲੇ ਅਰਦਾਸ, ਸੁੱਖ ਵੇਲੇ ਸ਼ੁਕਰਾਨਾ ਅਤੇ ਹਰ ਵੇਲੇ ਸਿਮਰਨ ਨਾਲ ਜੁੜਿਆ ਰਹੇ। ਸੰਤ ਬਾਬਾ ਬੋਹੜ ਸਿੰਘ ਜੀ ਦੇ ਅਧੂਰੇ ਪਏ ਕੰਮ ਲੰਗਰ ਹਾਲ ਦਾ ਕੰਮ ਪੂਰਾ ਕਰਨਾ, ਸਰੋਵਰ ਦੀ ਉਸਾਰੀ ਦਾ ਪ੍ਰਬੰਧ, ਸੰਗਤਾਂ ਲਈ ਰਿਹਾਇਸ਼ੀ ਕਮਰਿਆਂ ਦਾ ਪ੍ਰਬੰਧ, ਸਕੂਲ ਦੇ ਪ੍ਰਬੰਧ ਦੇ ਦਾਇਰੇ ਨੂੰ ਹੋਰ ਵਧਾਉਣਾ, ਵਾਤਾਵਰਣ ਨੂੰ ਪ੍ਰਦੂਸ਼ਣ ਰਹਿਤ ਕਰਨ ਲਈ ਗੁਰਦੁਆਰਾ ਸਾਹਿਬ ਅਤੇ ਸਕੂਲ ਪਾਰਕਾਂ ਦਾ ਪ੍ਰਬੰਧ ਅਤੇ ਪਿੰਡ ਤੂਤ ਦੀ ਫਿਰਨੀ ਦੇ ਚਾਰ ਚੁਫੇਰੇ ਛਾਂਅ–ਦਾਰ ਬੂਟੇ ਲਾਉਣੇ ਆਦਿ ਜਿਹੜੇ ਉਨ੍ਹਾਂ ਦੇ ਹੋਣਹਾਰ ਸਪੁੱਤਰ ਭਾਈ ਹਰਪਿੰਦਰ ਸਿੰਘ ਅਤੇ ਭਾਈ ਜਗਵਿੰਦਰ ਸਿੰਘ ਇਨ੍ਹਾਂ ਨੂੰ ਪੂਰਾ ਕਰਨ ਲਈ ਸੰਤਾਂ ਨਾਲ ਹੱਥ ਵਟਾਉਂਦੇ ਹਨ। ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕਰਦੇ ਹਾਂ ਕਿ ਹੇ ਵਾਹਿਗੁਰੂ ਸੱਚੇ ਪਾਤਸ਼ਾਹ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਦੇ ਸਰੀਰ ਤੇ ਜ਼ੋ ਵੀ ਕਸ਼ਟ ਆਇਆ ਹੈ, ਨੂੰ ਦੂਰ ਕਰਨ ਤਾਂ ਜ਼ੋ ਇਸੇ ਤਰ੍ਹਾਂ ਸੰਗਤਾਂ ਦੀ ਸੇਵਾ ਕਰਦੇ ਰਹਿਣ।

# ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ 'ਤੇ ਸਰਬ ਧਰਮ ਸੰਮੇਲਨ ਵਾਸਤੇ ਸ੍ਰੀ ਸ੍ਰੀ ਰਵੀਸ਼ੰਕਰ ਅਤੇ ਆਚਾਰਯ ਲੋਕੇਸ਼ ਮੁਨਿ ਨੂੰ ਦਿੱਤਾ ਗਿਆ ਸੱਦਾ ਪੱਤਰ: ਕਰਮਸਰ

## 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਰਬ ਧਰਮ ਸੰਮੇਲਨ ਅਕਤੂਬਰ ਮਹੀਨੇ ਵਿਚ



**ਨਵੀਂ ਦਿੱਲੀ, 11 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਰਬ ਧਰਮ ਸੰਮੇਲਨ ਅਕਤੂਬਰ ਮਹੀਨੇ ਵਿਚ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਸਿੱਖ ਧਰਮ ਦੇ ਨਾਲ-ਨਾਲ ਵੱਖ ਧਰਮਾਂ ਤੋਂ ਧਰਮ ਗੁਰੂ ਪ੍ਰੋਗਰਾਮ ਵਿਚ ਸ਼ਮੂਲੀਅਤ ਕਰ ਕੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਬਾਰੇ ਆਪੋ ਆਪਣੇ ਵਿਚਾਰ ਪ੍ਰਗਟ ਕਰਨਗੇ। ਇਹ ਜਾਣਕਾਰੀ ਕਮੇਟੀ ਦੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਸਾਂਝੀ ਕੀਤੀ ਹੈ। ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਵਾਸਤੇ ਉਹਨਾਂ ਨੇ ਅੱਜ ਬੰਗਲੌਰ ਵਿਚ ਪੰਡਤ ਸ੍ਰੀ ਸ੍ਰੀ ਰਵੀਸ਼ੰਕਰ ਅਤੇ ਆਚਰਆ ਲੋਕੇਸ਼ ਮੁਨਿ ਨੂੰ ਸੱਦਾ ਪੱਤਰ ਦਿੱਤਾ ਹੈ ਜੋ ਉਹਨਾਂ ਦੇ ਖਿੜੇ ਮੱਥੇ ਪ੍ਰਵਾਨ ਕੀਤਾ ਹੈ ਤੇ ਭਰੋਸਾ ਦੁਆਇਆ ਹੈ ਕਿ ਉਹ ਪ੍ਰੋਗਰਾਮ ਵਿਚ ਜ਼ਰੂਰ ਸ਼ਾਮਲ ਹੋਣਗੇ। ਉਹਨਾਂ ਦੱਸਿਆ ਕਿ ਇਹ ਪ੍ਰੋਗਰਾਮ ਭਾਰਤ ਮੰਡਪ ਹਾਲ ਪ੍ਰਗਤੀ ਮੈਦਾਨ ਵਿਚ ਹੋਵੇਗਾ ਜਿਸ ਵਿਚ ਬਹੁਤ ਵੱਡੀ ਗਿਣਤੀ ਵਿਚ ਧਾਰਮਿਕ ਸ਼ਖਸੀਅਤਾਂ ਸ਼ਾਮਲ ਹੋਣਗੀਆਂ। ਉਹਨਾਂ ਕਿਹਾ ਕਿ ਜਦੋਂ ਦੂਜੇ ਧਰਮਾਂ ਦੇ ਧਰਮ ਗੁਰੂ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਮਹੱਤਵ ਤੇ ਉਹਨਾਂ ਦੇ ਯੋਗਦਾਨ ਬਾਰੇ ਚਰਚਾ ਕਰਨਗੇ ਤਾਂ ਇਸਦਾ ਸੰਦੇਸ਼ ਘਰ-ਘਰ ਪਹੁੰਚਾਉਣ ਵਿਚ ਬਹੁਤ ਵੱਡੀ ਮਦਦ ਮਿਲੇਗੀ। ਉਹਨਾਂ ਕਿਹਾ ਕਿ ਇਹ ਪ੍ਰੋਗਰਾਮ ਆਪਣੇ ਆਪ ਵਿਚ ਬਹੁਤ ਨਿਵੇਕਲਾ ਹੋਵੇਗਾ ਤੇ ਇਸਦੀ ਸਫਲਤਾ ਵਾਸਤੇ ਕਮੇਟੀ ਦੀ ਟੀਮ ਦਿਨ ਰਾਤ ਕੰਮ ਕਰ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿੱਖ ਦੇ ਕੇਸਾਂ ਦੀ ਹੋਈ ਬੇਅਦਬੀ

# ਦਿੱਲੀ ਕਮੇਟੀ ਪ੍ਰਧਾਨ ਦੇ ਸਲਾਹ ਕਾਰ ਵਲੋਂ ਮਾਮਲੇ ਨੂੰ ਰਫ਼ਾ ਦਫ਼ਾ ਕੀਤੇ ਜਾਣ ਦੀ ਕੋਸ਼ਿਸ਼ ਚਿੰਤਾਜਨਕ : ਪਰਮਜੀਤ ਸਿੰਘ ਵੀਰ ਜੀ







ਨਵੀਂ ਦਿੱਲੀ 11 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸੋਸ਼ਲ ਮੀਡੀਆ ਤੇ ਦਿੱਲੀ ਦੇ ਇਕ ਇਲਾਕੇ ਵਿਚ ਬੀਤੇ ਕੁਝ ਦਿਨ ਪਹਿਲਾਂ ਇਕ ਸਿੱਖ ਦੇ ਕੇਸਾਂ ਦੀ ਹੋ ਰਹੀ ਬੇਅਦਬੀ ਬਾਰੇ ਵੀਡੀਓ ਵੱਡੇ ਪੱਧਰ ਤੇ ਸ਼ੇਅਰ ਹੋ ਰਹੀ ਹੈ । ਇਸ ਬਾਰੇ ਗੱਲ ਬਾਤ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਇਕ ਸਿੱਖ ਦੇ ਕੇਸਾਂ ਦੀ ਬੇਅਦਬੀ ਕੀਤੀ ਗਈ ਤੇ ਮਾਮਲੇ ਨੂੰ ਰਫ਼ਾ ਦਫ਼ਾ ਕਰਣ ਲਈ ਓਸ ਇਲਾਕੇ ਦੇ ਇਕ ਸਾਬਕਾ ਕਮੇਟੀ ਮੈਂਬਰ ਅਤੇ ਕਮੇਟੀ ਪ੍ਰਧਾਨ ਦੇ ਸਲਾਹਕਾਰ ਨੇ ਕੁਝ ਸਿੱਖਾਂ ਨੂੰ ਨਾਲ ਲੈ ਕੇ ਦੋਸ਼ੀ ਨੂੰ 21 ਦਿਨ ਵਾਸਤੇ ਜੋੜਿਆ ਦੀ ਸੇਵਾ ਲਗਾ ਕੇ ਮਸਲਾ ਖ਼ਤਮ ਕਰ ਦਿੱਤਾ । ਅਸੀਂ ਉਨ੍ਹਾਂ ਨੂੰ ਪੁੱਛਣਾ ਚਾਹੁੰਦੇ ਹਾਂ ਕਿ ਇਹ ਬਹੁਤ ਹੀ ਗੰਭੀਰ ਮਸਲਾ ਹੈ ਤੇ ਇਸ ਤਰ੍ਹਾਂ ਦੀ ਸਜ਼ਾ ਕੌਈ ਵੀਂ ਸਲਾਹਕਾਰ ਨਹੀਂ ਲਗਾ ਸਕਦਾ ਹੈ ਜਦਕਿ ਉਨ੍ਹਾਂ ਦਾ ਫਰਜ਼ ਬਣਦਾ ਸੀ ਇਸ ਮਸਲੇ ਨੂੰ ਕਮੇਟੀ ਪ੍ਰਧਾਨ/ਸਕੱਤਰ ਅਤੇ ਧਰਮ ਪ੍ਰਚਾਰ ਮੁੱਖੀ ਕੋਲ ਲੈ ਕੇ ਜਾਂਦੇ ਜਿਸ ਉਪਰ ਦਿਰਘ ਵਿਚਾਰ ਉਪਰੰਤ ਕਮੇਟੀ ਵਲੋਂ ਮਾਮਲੇ ਦੀ ਰਿਪੋਰਟ ਬਣਾ ਕੇ ਕਾਨੂੰਨੀ ਕਾਰਵਾਈ ਕਰਕੇ ਦੋਸ਼ੀਆਂ ਨੂੰ ਕਾਨੂੰਨ ਤਹਿਤ ਸਜ਼ਾ ਦਿਵਾਈ ਜਾਂਦੀ ਕਿਉਕਿ ਦੋਸ਼ੀ ਸਿੱਖ ਧਰਮ ਦਾ ਨਾ ਹੋ ਕੇ ਦੂਜੇ ਧਰਮ ਦਾ ਹੈ, ਜਿਸ ਨਾਲ ਅੱਗੇ ਤੋਂ ਕੌਈ ਵੀਂ ਇਸ ਤਰ੍ਹਾਂ ਦੀ ਹਰਕਤ ਨਾ ਕਰ ਸਕੇ ਪਰ ਸਲਾਹਕਾਰ ਵਲੋਂ ਗਲਤ ਰਸਮ ਚਾਲੂ ਕਰਦਿਆਂ ਜਿੱਥੇ ਅਕਾਲ ਤਖਤ ਸਾਹਿਬ ਵਲੋਂ ਲਗਾਈ ਜਾਂਦੀ ਸਜ਼ਾਵਾਂ ਨੂੰ ਵੀਂ ਚੁਣੌਤੀ ਦੇਣਾ ਮਨਿਆਂ ਜਾ ਸਕਦਾ ਹੈ ।ਇਸ ਮਸਲੇ ਤੇ ਕਾਰਜਕਾਰੀ ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਵੀਂ ਨਿੱਜੀ ਤੌਰ ਤੇ ਦੇਖਣਾ ਚਾਹੀਦਾ ਹੈ । ਇਥੇ ਵਿਚਾਰਣ ਯੋਗ ਹੈ ਕਿ ਜਿਸ ਤਰ੍ਹਾਂ ਸਿੱਖ ਵੀਰ ਦੇ ਕੇਸਾਂ ਦੀ ਬੇਅਦਬੀ ਕੀਤੀ ਗਈ ਤੇ ਓਸ ਮਸਲੇ ਤੇ ਸਲਾਹਕਾਰ ਵਲੋਂ ਆਪਸੀ ਭਾਈਚਾਰਕ ਸਾਂਝ ਨਾ ਵਿਗੜੇ ਦਾ ਹਵਾਲਾ ਦੇਂਦਿਆ ਸਿੱਖ ਮਰਿਆਦਾ ਵਿਰੁੱਧ ਜਾਦਿਆਂ ਨਿਗੁਣੀ ਜਿਹੀ ਲਗਾਈ ਸਜ਼ਾ ਦੋਸ਼ੀਆਂ ਦੇ ਹੌਸਲੇ ਹੋਰ ਬੁਲੰਦ ਕਰੇਗੀ ਇਸ ਲਈ ਇੰਨ੍ਹਾ ਨੂੰ ਵੀਂ ਅਕਾਲ ਤਖਤ ਸਾਹਿਬ ਤੇ ਸੱਦ ਕੇ ਇੰਨ੍ਹਾ ਵਿਰੁੱਧ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ।ਅੰਤ ਵਿਚ ਵੀਰਜੀ ਨੇ ਕਿਹਾ ਕਿ ਅਸੀਂ ਵੀਂ ਭਾਈ ਚਾਰਕ ਸਾਂਝ ਦੇ ਹਾਮੀ ਹਾਂ ਪਰ ਜਿਸ ਤਰ੍ਹਾਂ ਕਮੇਟੀ ਦੇ ਪ੍ਰਧਾਨ ਸਾਹਿਬ ਦੇ ਸਲਾਹਕਾਰ ਵਲੋਂ ਕਾਰਵਾਈ ਕੀਤੀ ਗਈ ਓਸ ਨਾਲ ਸਿੱਖ ਪੰਥ ਨੂੰ ਭਾਰੀ ਠੇਸ ਪੁਜੀ ਹੈ ਕਿਉਕਿ ਇਹ ਮਸਲਾ ਕਾਨੂੰਨੀ ਹੈ ਤੇ ਇਸ ਵਿਚ ਦੋਸ਼ੀਆਂ ਵਿਰੁੱਧ ਕਨੂੰਨ ਦੀਆਂ ਸਖ਼ਤ ਧਾਰਾਵਾਂ ਹੇਠ ਕਾਰਵਾਈ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਬੱਲ ਮਲਕੀਤ ਸਿੰਘ ਨੇ ਅੰਮ੍ਰਿਤਸਰ ਤੋਂ ਮਾਤਾ ਵੈਸ਼ਨੋ ਦੇਵੀ ਕਟੜਾ ਲਈ

# ਵੰਦੇ ਭਾਰਤ ਟ੍ਰੇਨ ਟਰੇਨ ਚਲਾਉਣ ਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਕੀਤਾ ਧੰਨਵਾਦ



**ਅੰਮ੍ਰਿਤਸਰ, 7 ਅਗਸਤ (ਹਰਪਾਲ ਸਿੰਘ )**-ਰੇਲ ਮੰਤਰਾਲਾ ਰੇਲ ਯਾਤਰੀਆਂ ਦੇ ਹਿੱਤ 'ਚ ਇਕ ਨਵੀਂ ਵੰਦੇ ਭਾਰਤ ਟ੍ਰੇਨ ਚਲਾਉਣ ਜਾ ਰਿਹਾ ਹੈ, ਜੋ ਅੰਮ੍ਰਿਤਸਰ ਅਤੇ ਕਟੜਾ ਵਿਚਕਾਰ ਚੱਲੇਗੀ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ ਵਲੋ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ , ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਰੇਲ ਮੰਤਰੀ ਸ੍ਰੀ ਅਸ਼ਵਨੀ ਵੈਸ਼ਨਵ ਅਤੇ ਰੇਲ ਰਾਜ ਮੰਤਰੀ ਸ੍ਰ. ਰਵਨੀਤ ਸਿੰਘ ਬਿੱਟੂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ ਬੱਲ ਮਲਕੀਤ ਸਿੰਘ ਨੇ ਦੱਸਿਆ ਕਿ ਇਹ ਟ੍ਰੇਨ ਨੰਬਰ 26406 ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈੱਸ ਕਟੜਾ ਤੋਂ 6.40 ਮਿੰਟ 'ਤੇ ਰਵਾਨਾ ਹੋਵੇਗੀ, ਜੋ ਜੰਮੂ ਤਵੀ, ਪਠਾਨਕੋਟ ਕੈਂਟ ਜਲੰਧਰ ਸਿਟੀ ਬਿਆਸ ਤੋਂ ਅੰਮ੍ਰਿਤਸਰ ਰੇਲਵੇ ਸਟੇਸ਼ਨ 12.20 ਵਜੇ 'ਤੇ ਪਹੁੰਚੇਗੀ ਵਾਪਸੀ 'ਤੇ ਇਹ ਟ੍ਰੇਨ ਅੰਮ੍ਰਿਤਸਰ ਤੋਂ 4.25 ਮਿੰਟ 'ਤੇ ਰਵਾਨਾ ਹੋਵੇਗੀ।10 ਅਗਸਤ ਤੋਂ ਚੱਲਣ ਵਾਲੀ ਇਸ ਟ੍ਰੇਨ ਲਈ ਕਟੜਾ ਅਤੇ ਅੰਮ੍ਰਿਤਸਰ 'ਚ ਤਿਆਰੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਇਸ ਟਰੇਨ ਦੇ ਚੱਲਣ ਨਾਲ ਯਾਤਰੀਆਂ ਦਾ ਕਾਫੀ ਸਮਾਂ ਬਚੇਗਾ ਅਤੇ ਸਫ਼ਰ ਵੀ ਆਰਾਮਦਾਇਕ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਮੁਲਾਜ਼ਮਾਂ ਨੂੰ ਸੰਘਰਸ਼ਾਂ ਦਾ ਰਾਹ ਅਖਤਿਆਰ ਕਰਨਾ ਪੈ ਰਿਹੈ- ਸਿੱਧੂ





**ਤਲਵੰਡੀ ਸਾਬੋ, 11 ਅਗਸਤ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੇ ਪਿਛਲੇ ਸਾਢੇ ਤਿੰਨ ਸਾਲ ਦੇ ਕਾਰਜਕਾਲ ਤੋਂ ਹਰ ਵਰਗ ਬੁਰੀ ਤਰ੍ਹਾਂ ਪ੍ਰੇਸ਼ਾਨ ਹੋਇਆ ਹੈ ਅਤੇ ਜਿੰਨ੍ਹਾਂ ਮੁਲਾਜ਼ਮਾਂ ਦੇ ਸਹਿਯੋਗ ਦੀ ਬਦੌਲਤ ਇਹ ਸਰਕਾਰ ਹੋਂਦ ਚ ਆਈ ਹੁਣ ਉਨਾਂ ਪ੍ਰਤੀ ਅਪਨਾਈਆਂ ਗਲਤ ਨੀਤੀਆਂ ਕਾਰਣ ਮੁਲਾਜ਼ਮਾਂ ਨੂੰ ਸੰਘਰਸ਼ਾਂ ਦੇ ਰਾਹ ਅਖਤਿਆਰ ਕਰਨੇ ਪੈ ਰਹੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਅਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਪਿੰਡ ਜੰਬਰ ਬਸਤੀ ਦੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਕੀਤਾ।ਗੁਰਬਾਜ਼ ਸਿੰਘ ਸਿੱਧੂ ਜੋ ਜੰਬਰ ਬਸਤੀ ਦੇ ਅਮੀਰ ਸਿੰਘ ਸੰਧੂ ਅਤੇ ਲ਼ਖਵੀਰ ਸਿੰਘ ਸੰਧੂ ਦੇ ਪਿਤਾ ਭਗਵਾਨ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕਰਨ ਦੇ ਨਾਲ ਨਾਲ ਪਿਛਲੇ ਦਿਨੀਂ ਬਿਜਲੀ ਦੀ ਲਪੇਟ ਚ ਆਉਣ ਕਾਰਣ ਜਾਨ ਗੰਵਾ ਚੁੱਕੇ ਸਤਨਾਮ ਸਿੰਘ ਦੇ ਦੇਹਾਂਤ 'ਤੇ ਅਫਸੋਸ ਜ਼ਾਹਿਰ ਕਰਨ ਵਿਸ਼ੇਸ ਤੌਰ 'ਤੇ ਪੁੱਜੇ ਸਨ ਨੇ ਕਈ ਹੋਰ ਪ੍ਰੋਗਰਾਮਾਂ 'ਚ ਹਾਜ਼ਰੀ ਭਰਨ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਦੀਆਂ ਮਾੜੀਆਂ ਆਰਥਿਕ ਨੀਤੀਆਂ ਕਾਰਨ ਪਾਵਰਕਾਮ ਤੇ ਵਿੱਤੀ ਬੋਝ ਵਧਦਾ ਜਾ ਰਿਹੈ ਜਿਸ ਕਾਰਨ ਪਾਵਰਕਾਮ ਕਾਮੇ ਤਿੰਨ ਰੋਜ਼ਾ ਹੜਤਾਲ 'ਤੇ ਚਲੇ ਗਏ ਹਨ। ਉੱਧਰ ਵੈਟਰਨਰੀ ਡਾਕਟਰ ਅੱਜ ਖਟਕੜ ਕਲਾਂ ਵਿਖੇ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਧਰਨੇ ਤੇ ਬੈਠੇ ਹਨ। ਸਿੱਧੂ ਨੇ ਕਿਹਾ ਕਿ ਪਿਛਲੇ ਦਿਨੀਂ ਪੀ.ਆਰ.ਟੀ.ਸੀ ਤੇ ਪਨਬੱਸ ਮੁਲਾਜ਼ਮਾਂ ਨੂੰ ਵੀ ਪ੍ਰਦਰਸ਼ਨ ਕਰਨੇ ਪਏ ਅਤੇ ਕਈ ਹੋਰ ਵਿਭਾਗਾਂ ਦੇ ਮੁਲਾਜ਼ਮਾਂ ਸੂਬੇ ਦੇ ਵੱਖ-ਵੱਖ ਹਿੱਸਿਆਂ 'ਚ ਆਪਣੀਆਂ ਮੰਗਾਂ ਮੰਨਵਾਉਣ ਲਈ ਸੰਘਰਸ਼ਸ਼ੀਲ ਹਨ ਪਰ ਸਰਕਾਰ ਕੁੰਭਕਰਨੀ ਨੀਂਦ ਸੌਂ ਗਈ ਲਗਦੀ ਹੈ। ਸਿੱਧੂ ਨੇ ਦੌਰੇ ਦੌਰਾਨ ਲੋਕ ਮੁਸ਼ਿਕਲਾਂ ਵੀ ਸੁਣੀਆਂ। ਇਸ ਮੌਕੇ ਉਨਾਂ ਨਾਲ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਸੁਰਜੀਤ ਸ਼ਰਮਾ ਜਗਾ ਰਾਮ ਤੀਰਥ, ਤਰਸੇਮ ਸਿੰਘ ਲਾਲੇਆਣਾ, ਮਨਪ੍ਰੀਤ ਸਿੰਘ ਧਾਲੀਵਾਲ, ਗੁਰਜੀਤ ਸਿੰਘ ਰੋਮਾਣਾ, ਗੁਰਮੇਲ ਲਾਲੇਆਣਾ, ਹਰਪਾਲ ਗਾਟਵਾਲੀ, ਸੇਵਕ ਤੰਗਰਾਲੀ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਬੀ ਸਤਵੰਤ ਕੌਰ ਸ਼ਹੀਦਾਂ ਦੀ ਧੀ ਹੈ ਉਹ ਅਕਾਲੀ ਦਲ, ਪੰਥ ਤੇ ਪੰਜਾਬ ਦਾ ਭਵਿੱਖ ਰੁਸ਼ਨਾਉਣਗੇ : ਜਥੇਦਾਰ ਬਲਵੰਤ ਸਿੰਘ ਗੋਪਾਲਾ



**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਸਾਬਕਾ ਪ੍ਰਧਾਨ ਜਥੇਦਾਰ ਭਾਈ ਬਲਵੰਤ ਸਿੰਘ ਗੋਪਾਲਾ ਨੇ ਕਿਹਾ ਕਿ ਅੱਜ ਦਾ ਦਿਨ ਇਤਿਹਾਸਕ ਹੋ ਨਿਬੜਿਆ ਹੈ, ਸਾਡੇ ਕੌਮੀ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨ ਅਤੇ ਬਾਦਲਕਿਆਂ ਨੂੰ ਲਾਹਣਤਾਂ ਪੈ ਰਹੀਆਂ ਹਨ। ਉਹਨਾਂ ਕਿਹਾ ਕਿ ਦਮਦਮੀ ਟਕਸਾਲ ਦੇ ਤੇਰ੍ਹਵੇਂ ਮੁਖੀ ਸੱਚਖੰਡਵਾਸੀ ਸੰਤ ਗਿਆਨੀ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੀ ਪੋਤਰੀ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਅਮਰ ਸ਼ਹੀਦ ਭਾਈ ਸਾਹਿਬ ਭਾਈ ਅਮਰੀਕ ਸਿੰਘ ਜੀ ਖ਼ਾਲਸਾ ਦੀ ਸਪੁੱਤਰੀ ਬੀਬਾ ਸਤਵੰਤ ਕੌਰ ਜੀ ਨੂੰ ਨਵੇਂ ਹੋਂਦ ਵਿੱਚ ਆਏ ਸ਼੍ਰੋਮਣੀ ਅਕਾਲੀ ਦਲ ਦੇ ਪੰਥਕ ਕੌਂਸਲ ਦੇ ਚੇਅਰਪਰਸਨ ਵਜੋਂ ਸੇਵਾ ਮਿਲ਼ਣੀ ਅਤੇ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਦਾ ਕੌਮੀ ਪ੍ਰਧਾਨ ਚੁਣੇ ਜਾਣ ਨਾਲ ਸੰਗਤਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ, ਇਸ ਨਾਲ ਪੰਥਕ ਰਾਜਨੀਤੀ ਦਾ ਮੁੜ ਆਗਾਜ਼ ਹੋਵੇਗਾ ਤੇ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਵੇਖਣ ਨੂੰ ਮਿਲੇਗੀ। ਉਹਨਾਂ ਕਿਹਾ ਕਿ ਬੀਬੀ ਸਤਵੰਤ ਕੌਰ ਨੂੰ ਉਹਨਾਂ ਦੀ ਕਾਬਲੀਅਤ, ਪੰਥਪ੍ਰਸਤੀ, ਤਜ਼ਰਬੇਕਾਰ, ਸਿਦਕੀ ਅਤੇ ਸਿਰੜੀ ਆਗੂ ਅਤੇ ਕੌਮੀ ਸ਼ਹੀਦਾਂ ਦੇ ਪਰਿਵਾਰ ਵਿੱਚੋਂ ਹੋਣ ਕਰਕੇ ਪੰਥ ਨੇ ਉਹਨਾਂ ਨੂੰ ਵੱਡੀ ਜਿੰਮੇਵਾਰੀ ਸੌਂਪੀ ਹੈ, ਜੋ ਉਹ ਹਰ ਹੀਲੇ ਨਿਭਾਉਣਗੇ ਤੇ ਸ਼੍ਰੋਮਣੀ ਅਕਾਲੀ ਦਲ, ਪੰਥ ਅਤੇ ਪੰਜਾਬ ਦਾ ਭਵਿੱਖ ਰੁਸ਼ਨਾਉਣਗੇ। ਭਾਈ ਬਲਵੰਤ ਸਿੰਘ ਗੋਪਾਲਾ ਨੇ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੇ ਬਾਦਲ ਦਲ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਹ ਬੀਬੀ ਸਤਵੰਤ ਕੌਰ ਅਤੇ ਗਿਆਨੀ ਹਰਪ੍ਰੀਤ ਸਿੰਘ ਦੀ ਕਿਰਦਾਰਕੁਸ਼ੀ ਕਰਨ ਤੋਂ ਬਾਜ਼ ਆਉਣ, ਨਹੀਂ ਤਾਂ ਉਹਨਾਂ ਨੂੰ ਸਬਕ ਸਿਖਾਇਆ ਜਾਏਗਾ।ਉਹਨਾਂ ਕਿਹਾ ਕਿ ਬੀਬੀ ਸਤਵੰਤ ਕੌਰ ਖ਼ਾਲਸਾ ਪੰਥ ਅਤੇ ਦੇਸ਼ ਪੰਜਾਬ ਦੀ ਧੀ ਹੈ, ਉਸ ਤੋਂ ਪੰਥ ਨੂੰ ਵੱਡੀਆਂ ਆਸਾਂ ਹਨ, ਅਸੀਂ ਗਿਆਨੀ ਹਰਪ੍ਰੀਤ ਸਿੰਘ ਅਤੇ ਬੀਬੀ ਸਤਵੰਤ ਕੌਰ ਨੂੰ ਮੁਬਾਰਕਬਾਦ ਦਿੰਦੇ ਹੋਏ ਅਰਦਾਸ ਕਰਦੇ ਹਾਂ ਕਿ ਉਹ ਤਨਦੇਹੀ ਨਾਲ ਜ਼ਿੰਮੇਵਾਰੀ ਨਿਭਾਉਣ। ਭਾਈ ਬਲਵੰਤ ਸਿੰਘ ਗੋਪਾਲਾ ਨੇ ਕਿਹਾ ਕਿ ਬਾਦਲਕਿਆਂ ਦੀ ਅੱਤ ਦਾ ਹੁਣ ਅੰਤ ਆ ਗਿਆ ਹੈ, ਉਹਨਾਂ ਨੇ ਬੇਅਦਬੀਆਂ ਦੇ ਦੋਸ਼ੀਆਂ ਨੂੰ ਬਚਾਇਆ, ਸਿਰਸੇ ਵਾਲੇ ਨੂੰ ਬਾਪ ਬਣਾਇਆ, ਬੁੱਚੜ ਪੁਲਿਸ ਅਫਸਰਾਂ ਨਾਲ ਯਾਰੀ ਪਾਈ ਅਤੇ ਸਿੰਘਾਂ ਨੂੰ ਸ਼ਹੀਦ ਤੇ ਪੰਥ ਅਤੇ ਪੰਜਾਬ ਦਾ ਰੱਜ ਕੇ ਘਾਣ ਕੀਤਾ। ਸੁਖਬੀਰ ਬਾਦਲ ਨੇ ਦੋ ਦਸੰਬਰ ਵਾਲੇ ਸ੍ਰੀ ਅਕਾਲ ਤਖਤ ਸਾਹਿਬ ਦੇ ਫੈਸਲੇ ਨੂੰ ਨਹੀਂ ਮੰਨਿਆ, ਉਹ ਪੰਥ ਅਤੇ ਪੰਜਾਬ ਦਾ ਭਗੌੜਾ ਅਤੇ ਗਦਾਰ ਹੈ। ਉਹਨਾਂ ਕਿਹਾ ਕਿ ਸੁਖਬੀਰ ਬਾਦਲ ਦੇ ਹੰਕਾਰ ਅਤੇ ਗੁਨਾਹਾਂ ਕਰਕੇ ਹੀ ਵੱਖਰਾ ਅਕਾਲੀ ਦਲ ਹੋਂਦ ਵਿੱਚ ਆਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




# ਕੇਜਰੀਵਾਲ ਗੋਡੇ ਟੇਕਣ ਲਈ ਹੋਇਆ ਮਜ਼ਬੂਰ

ਮੈਂ ਸਮੂਹ ਜੁਝਾਰੂ ਅਕਾਲੀ ਵਰਕਰਾਂ, ਕਿਸਾਨਾਂ, ਮਜ਼ਦੂਰਾਂ ਅਤੇ ਦੁਕਾਨਦਾਰਾਂ ਦੇ ਜਜ਼ਬੇ ਨੂੰ ਸਲਾਮ ਕਰਦਾ ਹਾਂ ਜਿਨ੍ਹਾਂ ਨੇ ਇਕਜੁੱਟ ਹੋ ਕੇ ਆਪ ਸਰਕਾਰ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ ਅਰਵਿੰਦ ਕੇਜਰੀਵਾਲ ਨੂੰ ਜ਼ਮੀਨਾਂ ਦੀ ਲੁੱਟ ਵਾਲੀ 'ਲੈਂਡ ਪੂਲਿੰਗ ਸਕੀਮ' ਵਾਪਸ ਲੈਣ ਲਈ ਮਜ਼ਬੂਰ ਕਰ ਦਿੱਤਾ । ਹਕੀਕਤ ਵਿੱਚ ਇਹ ਜ਼ਮੀਨਾਂ ਲੁੱਟਣ ਦੀ ਯੋਜਨਾ ਸੀ, ਜਿਸ ਰਾਹੀਂ ਆਮ ਆਦਮੀ ਪਾਰਟੀ ਦਿੱਲੀ ਦੇ ਬਿਲਡਰਾਂ ਤੋਂ 30,000 ਕਰੋੜ ਰੁਪਏ ਇਕੱਠੇ ਕਰਕੇ ਪਾਰਟੀ ਨੂੰ ਦੇਸ਼-ਪੱਧਰ 'ਤੇ ਫੈਲਾਉਣਾ ਚਾਹੁੰਦੀ ਸੀ । ਮੈਂ ਸਮੂਹ ਪੰਜਾਬੀਆਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਜਿਸ ਤਰ੍ਹਾਂ ਅਸੀਂ ਲੱਖਾਂ ਪੰਜਾਬੀਆਂ ਦੇ ਸਹਿਯੋਗ ਨਾਲ ਜ਼ਮੀਨੀ ਪੱਧਰ 'ਤੇ ਸੰਘਰਸ਼ ਵਿੱਢ ਕੇ ਆਮ ਆਦਮੀ ਪਾਰਟੀ ਨੂੰ ਲੈਂਡ ਪੂਲਿੰਗ ਸਕੀਮ ਵਾਪਸ ਲੈਣ ਲਈ ਮਜ਼ਬੂਰ ਕੀਤਾ, ਉਸੇ ਤਰ੍ਹਾਂ ਹੀ ਅਸੀਂ ਭ੍ਰਿਸ਼ਟਾਚਾਰ ਅਤੇ ਘਪਲਿਆਂ ਵਿੱਚ ਗ੍ਰਸਤ ਹੋ ਚੁੱਕੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਪੰਜਾਬ ਨੂੰ ਕੰਗਾਲ ਕਰਨ, ਬਾਹਰਲਿਆਂ ਨੂੰ ਨੌਕਰੀਆਂ ਦੇਣ, ਕਾਨੂੰਨ-ਵਿਵਸਥਾ ਤਬਾਹ ਕਰਨ ਅਤੇ ਗੈਂਗਸਟਰਾਂ ਨੂੰ ਪਾਲਣ ਬਦਲੇ ਕਟਹਿਰੇ 'ਚ ਖੜ੍ਹਾ ਕਰਾਂਗੇ । ਮੈਂ ਸਮੂਹ ਪੰਜਾਬੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਝੰਡੇ ਹੇਠ ਇਕਜੁੱਟ ਹੋਣ ਤਾਂ ਜੋ ਪੰਜਾਬ ਨੂੰ ਮੁੜ ਖੁਸ਼ਹਾਲ ਲੀਹਾਂ 'ਤੇ ਤੋਰ ਕੇ ਆਉਣ ਵਾਲੀਆਂ ਪੀੜ੍ਹੀਆਂ ਲਈ ਬਿਹਤਰ ਭਵਿੱਖ ਯਕੀਨੀ ਬਣਾਇਆ ਜਾ ਸਕੇ ।

### ਇਕ ਤਰਫਾ ਟੈਰਿਫ਼ ਵਾਧਾ

# ਅਮਰੀਕਾ ਦਾ ਸੰਸਾਰ ਬਾਜ਼ਾਰ 'ਤੇ ਹਮਲਾ : ਜਗਦੀਸ਼ ਸਿੰਘ ਚੋਹਕਾ



**ਅੰਮ੍ਰਿਤਸਰ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਸੰਸਾਰ ਅੰਦਰ ਪੂੰਜੀਵਾਦੀ ਪ੍ਰਣਾਲੀਗਤ ਸੰਕਟ ਦੇ ਸਿੱਟੇ ਵਜੋਂ ਸਾਮਰਾਜੀ ਅਮਰੀਕਾ ਸਮੇਤ ਵਿਕਸਤ ਦੇਸ਼ਾਂ ਅੰਦਰ ਵਿਕਾਸ ਦਰ ਸੁਸਤ ਚਲ ਰਹੀ ਹੈ। ਜਿਸ ਕਰਕੇ ਸਿੱਟੇ ਵਜੋਂ ਆਰਥਿਕ ਅਸਮਾਨਤਾਵਾਂ, ਗਰੀਬੀ, ਬੇਰੁਜ਼ਗਾਰੀ, ਭੁੱਖਮਰੀ ਵਧ ਰਹੀ ਹੈ। ਉਥੇ ਅਮਰੀਕਾ ਇਸ ਸੰਕਟ ਦਾ ਬੋਝ ਅੰਤਰ-ਰਾਸ਼ਟਰੀ ਵਿਤੀ ਪੂੰਜੀ ਦੀ ਅਗਵਾਈ ਅਤੇ ਦਬਾਅ ਅਧੀਨ ਆਪਣੇ ਪੂੰਜੀ-ਸੰਗ੍ਰਹਿ ਦੀ ਪ੍ਰਕਿਰਿਆ ਨੂੰ ਤੇਜ਼ ਕਰ ਰਿਹਾ ਹੈ। ਇਹ ਅਮਰੀਕਾ ਦੇ ਸਾਮਰਾਜਵਾਦੀ ਹਮਲਾਵਰੀ ਵੱਲ ਵੱਧਣ ਦੇ ਸਪਸ਼ਟ ਲੱਛਣ ਹਨ। ਅਮਰੀਕਾ ਦੀ ਅਗਵਾਈ ਵਾਲੇ ਜੀ-7 ਅਤੇ ਨਾਟੋ 'ਤੇ ਖੁਦ ਅਮਰੀਕਾ, ਖੁਲ੍ਹੇਆਮ ਕੇਵਲ ਆਰਥਿਕ ਮੁਹਾਜ ਹੀ ਨਹੀਂ ਸਗੋਂ ਨਾ-ਸਹਿਮਤੀ ਵਾਲੇ ਦੇਸ਼ਾਂ ਅੰਦਰ ਯੁੱਧ ਅਤੇ ਆਰਥਿਕ ਧੌਂਸਾਂ ਰਾਹੀਂ ਅਲੱਗ-ਥਲੱਗ ਵਾਲੀਆਂ ਜ਼ਬਰੀ ਨੀਤੀਆਂ ਵੀ ਲਾਗੂ ਕਰ ਰਿਹਾ ਹੈ। ਡੋਨਾਲਡ ਟਰੰਪ ਵਲੋਂ ਚੀਨ, ਭਾਰਤ ਅਤੇ ਹੋਰ ਕਈ ਦੇਸ਼ਾਂ ਨਾਲ ਵਾਪਾਰ ਅੰਦਰ ਵਿਤੀ ਹਮਲੇ ਵੀ ਸੇਧ ਦਿੱਤੇ ਹਨ। ਕਈ ਖੇਤਰਾਂ ਅੰਦਰ ਵਾਪਾਰ ਪੂੰਜੀ ਨਿਵੇਸ਼ ਅਤੇ ਐਕਸਪੋਰਟ ਖੇਤਰ ਵਿੱਚ ਜਿਨ੍ਹਾਂ ਕਿਸੇ ਦੋ ਧਿਰੀ (ਰੀ-ਨੈਗੋਸੀਏਸ਼ਨ) ਗਲਬਾਤ, 'ਸਿਧੇ ਟੈਰਿਫ਼ ਦੀਆਂ ਦਰਾਂ 'ਚ ਅਥਾਹ ਵਾਧਾ ਕਰ ਦਿੱਤਾ ਹੈ। ਭਾਰਤ ਅੰਦਰ ਮੋਦੀ ਸਰਕਾਰ ਜੋ ਟਰੰਪ ਦੀ ਹੋਜਲੀ ਅਤੇ ਨੇੜਤਾ ਰੱਖਦੀ ਸੀ, ਉਤੇ 25-ਫੀਸਦ ਟੈਰਿਫ਼ (ਟੈਕਸ) ਲਗਾਇਆ ਸੀ, ਉਹ ਹੁਣ ਵਧਾ ਕੇ 50-ਫੀ ਸਦ ਕਰਨ ਦਾ ਐਲਾਨ ਕਰ ਦਿੱਤਾ ਹੈ।

ਇਸ ਵੇਲੇ ਦੁਨੀਆ ਦੇ 166-ਦੇਸ਼ ਸੰਸਾਰ ਵਾਪਾਰ ਸੰਸਥਾਂ ਦੇ ਮੈਂਬਰ ਹਨ। ਇਹ ਦੇਸ਼ ਆਪੋ ਆਪਣੇ ਹਿਤਾਂ ਮੁਤਾਬਕ ਅੰਦਰ ਰਹਿਕੇ ਜਾਂ ਬਾਹਰ ਰਹਿ ਕੇ ਆਪਸੀ ਸਮਝੌਤੇ ਰਾਹੀਂ ਵਾਪਾਰ ਕਰਦੇ ਆ ਰਹੇ ਹਨ। ਅਮਰੀਕਾ ਅਤੇ ਭਾਰਤ ਵਿਚਕਾਰ ਵੀ ਆਪਸੀ ਸੰਬੰਧ ਕਾਫੀ ਸੁਧਰੇ ਹੋਏ ਸਨ। ਭਾਰਤ ਜੋ ਸ਼ੁਰੂ ਤੋਂ ਹੀ ਨਿਰਪੱਖਤਾ ਵਾਲੀ ਨੀਤੀ ਅਪਣਾਉਂਦਾ ਰਿਹਾ ਸੀ। ਪਰ ਪਿਛਲੇ ਇਕ ਦਹਾਕੇ ਤੋਂ ਮੌਜੂਦਾ ਬੀ.ਜੇ.ਪੀ. ਦੀ ਮੋਦੀ ਸਰਕਾਰ ਕਾਫੀ ਹੱਦ ਤਕ ਅਮਰੀਕਾ ਪੱਖੀ ਪੈਂਤੜੇ ਲੈਂਦੀ ਆ ਰਹੀ ਹੈ। 1947-48 ਕਸ਼ਮੀਰ ਸੰਕਟ ਤੋਂ ਲੈ ਕੇ ਭਾਰਤ ਆਪਣੇ ਨਿੱਜੀ ਹਿਤਾਂ ਕਾਰਨ ਪਹਿਲਾ ਸੋਵੀਅਤ ਯੂਨੀਅਨ ਅਤੇ 1991 ਤੋਂ ਬਾਅਦ ਰੂਸ ਵਲ ਝੁਕਾਅ ਰੱਖਦਾ ਆ ਰਿਹਾ ਸੀ। ਕੁਝ ਅਰਸੇ ਤੋਂ ਕੌਮਾਂਤਰੀ ਹਲਾਤਾਂ ਦੀ ਬਦਲੀ ਹਵਾ ਅਨੁਸਾਰ ਹੁਣ ਭਾਰਤ, ਚੀਨ ਨਾਲ ਵੀ ਨੇੜਤਾ ਲਈ ਆਪਣਾ ਹੱਥ ਮਿਲਾ ਰਿਹਾ ਹੈ। ਗਾਜ਼ਾਂ ਅੰਦਰ ਇਸਰਾਇਲ ਦੇ ਵਿਸਥਾਰਵਾਦੀ ਨੀਤੀਆਂ ਅਤੇ ਲੋਕਾਂ 'ਤੇ ਹਮਲਿਆ ਕਾਰਨ, ਯੂਕਰੇਨ-ਰੂਸ ਜੰਗ ਅਤੇ ਮੱਧ-ਪੂਰਬ ਅੰਦਰ ਸਾਮਰਾਜੀ ਹਮਲਿਆ ਦੇ ਨਤੀਜੇ ਵਜੋਂ ਭਾਰਤ ਹੁਣ ਕੌਮਾਂਤਰੀ ਸਾਖ ਅਤੇ ਏਸ਼ੀਆ ਅੰਦਰ ਆਪਣੀ ਸਥਾਪਤੀ ਲਈ ਰੂਸ ਅਤੇ ਚੀਨ ਦੇ ਹੋਰ ਨੇੜੇ ਵੀ ਆ ਰਿਹਾ ਹੈ। ਜੋ ਦੁਨੀਆ ਦੀ ਦਾਦਾਗਿਰੀ ਕਰਨ ਵਾਲੇ ਅਮਰੀਕਾ ਨੂੰ ਭਾਉਂਦਾ ਨਹੀਂ ਹੈ। ਇਹ ਤਾਂ ਭਾਰਤ ਨੇ ਦੇਖਣਾ ਹੈ ਕਿ ਉਸ ਦੇ ਆਰਥਿਕ ਅਤੇ ਕੌਮਾਂਤਰੀ ਹਿਤ ਕਿਸ ਦੇਸ਼ ਨਾਲ ਠੀਕ ਬੈਹਿੰਦੇ ਹਨ ?

ਪਰ ਅੱਜੇ ਵੀ ਭਾਰਤ ਵਲੋਂ ਆਪਣੀ ਅਮਰੀਕਾ ਪੱਖੀ ਵਿਦੇਸ਼ ਨੀਤੀ ਅਤੇ ਅਮਰੀਕੀ ਸਾਮਰਾਜਵਾਦ ਨਾਲ ਰਣਨੀਤਕ ਸਬੰਧਾਂ ਨੂੰ ਨਾ ਹੀ ਬਦਲਿਆ ਤੇ ਨਾ ਹੀ ਕੋਈ ਆਸ ਦਿੱਸਦੀ ਹੈ ? ਵੱਧ ਰਹੇ ਬਹੁ-ਧਰੁਵੀ ਸੰਸਾਰ ਦੀਆਂ ਹਕੀਕਤਾਂ ਨੇ ਮੋਦੀ ਸਰਕਾਰ ਨੂੰ ਬ੍ਰਿਕਸ ਅਤੇ ਸ਼ਿੰਘਾਈ ਸਹਿਯੋਗ ਸੰਗਠਨ ਵਿੱਚ ਇਕ ਸਰਗਰਮ ਭਾਈਵਾਲ ਬਣਨ ਲਈ ਭਾਵੇਂ ਮਜਬੂਰ ਵੀ ਕੀਤਾ ਹੋਇਆ ਹੈ ਪਰ ਯੂਕਰੇਨ-ਰੂਸ ਜੰਗ ਨੂੰ ਛੱਡ ਕੇ ਜਿਥੇ ਭਾਰਤ ਨੇ ਨਿਰਪੱਖ ਸਥਿਤੀ ਅਪਣਾਉਣ ਦੀ ਕੋਸ਼ਿਸ਼ ਕੀਤੀ ਹੈ, ਉਥੇ ਅਜੇ ਵੀ ਭਾਰਤ ਦੀ ਵਿਦੇਸ਼ ਨੀਤੀ ਮੋਟੇ ਤੌਰ ਤੇ ਅਮਰੀਕਾ ਦੇ ਭੂਗੋਲਿਕ ਰਾਜਨੀਤਕ ਮਨਸੂਬਿਆ ਨਾਲ ਜੁੜੀ ਰਹੀ ਹੈ। ਪਿਛਲੇ 7-ਸਾਲਾਂ ਵਿੱਚ ਭਾਰਤ ਨੇ ਅਮਰੀਕਾ ਤੋਂ 15-ਬਿਲੀਅਨ ਡਾਲਰ ਦੇ ਹਥਿਆਰ ਖਰੀਦੇ ਹਨ। ਪਰ ਪਿਛਲੇ ਕੁਝ ਦਿਨਾਂ ਤੋਂ ਹੁਣ ਨਿਰਯਾਤ 'ਤੇ ਟੈਕਸ ਅਤੇ ਟੈਰਿਫ ਦੇ ਮੁੱਦੇ 'ਤੇ ਟਰੰਪ ਦਾ ਰੁੱਖ ਭਾਰਤ ਪ੍ਰਤੀ ਅਲੱਗ ਹੀ ਨਹੀਂ ਸਗੋਂ ਹਮਲਾਵਰੀ ਵੀ ਦਿਸ ਰਿਹਾ ਹੈ। ਉਸ ਦਾ ਕਾਰਨ ਦੁਨੀਆ ਅੰਦਜ ਸਾਮਰਾਜੀ ਅਮਰੀਕਾ ਦੀ ਅਰਥ-ਵਿਵੱਸਥਾ ਦੀ ਸਥਿਤੀ ਅੰਦਰ ਆਈ ਡਾਵਾਂਡੋਲਤਾ ਵੀ ਹੈ। ਹੁਣ ਟਰੰਪ ਨੇ ਆਪਣੇ ਵਾਪਾਰ ਸਬੰਧਾਂ ਅੰਦਰ ਕਾਫੀ ਬਦਲਾਅ ਕਰਕੇ ਆਪਣੀਅ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਟੈਰਿਫ ਦਰਾਂ 'ਚ ਅਥਾਹ ਵਾਧਾ ਐਲਾਨਿਆ ਹੈ।

ਭਾਰਤ ਕਿਉਂਕਿ ਤੇਲ ਅਤੇ ਹਥਿਆਰ ਰੂਸ ਪਾਸੋਂ ਖਰੀਦਦਾ ਹੈ ਅਤੇ ਦੋਨੋਂ ਦੇਸ਼ਾਂ ਦੇ ਕੁਠ ਖੇਤਰਾਂ 'ਚ ਮਜ਼ਬੂਤ ਸਬੰਧਾਂ ਕਾਰਨ, 'ਅਮਰੀਕਾ ਨੇ ਬਖਲਾਕੇ ਭਾਰਤ 'ਤੇ 25-ਫਰ 'ਤੇ ਟੈਰਿਫ ਥੋਪਿਆ ਸੀ। ਬਹਾਨਾ ਇਹ ਬਣਾ ਰਿਹਾ ਹੈ, 'ਕਿ ਭਾਰਤ ਤੇ ਰੂਸ ਦੀ ਆਰਥਿਕਤਾ ਮਰੀ ਹੋਈ ਭਾਵ ਡੁੱਬ ਰਹੀ ਹੈ। ਹੁਣ ਉਹ ਵਧਾ ਕੇ 50-ਫੀਸਦ ਕਰਨ ਦਾ ਐਲਾਨ ਕਰ ਦਿੱਤਾ ਹੈ। ਮੋਦੀ ਦੇ ਹੇਜਲੇ ਟਰੰਪ ਨੇ ਹੋਰ ਕਈ ਢੁੱਚਰਾ ਵੀ ਢਾਹੀਆ ਹਨ। ਪਰ ਇਹ ਵੀ ਐਲਾਨਿਆ ਕਿ ਭਾਰਤ-ਅਮਰੀਕਾ ਮਿੱਤਰ ਹਨ। ਪਰ ਭਾਰਤ ਨੇ ਸਾਡੇ ਨਾਲ ਘੱਟ ਵਾਪਾਰ ਕੀਤਾ ਹੈ। ਭਾਵੇਂ ਅਮਰੀਕਾ ਨੇ 70 ਤੋਂ ਵੱਧ ਦੇਸ਼ਾਂ ਤੇ 10-ਫੀ ਸਦ ਤੋਂ 41-ਫੀਸਦ ਤਕ (Reciprocal) ਦੋ ਤਰਫ਼ਾ ਆਪਸੀ ਟੈਰਿਫ ਲਾਉਣ ਦਾ ਵੀ ਐਲਾਨ ਕੀਤਾ ਹੈ। ਭਾਰਤ ਦੇ ਗੁਵਾਂਢੀ ਦੇਸ਼ ਪਾਕਿਸਤਾਨ 'ਤੇ 19-ਫੀਸਦ ਟੈਰਿਫ਼ ਲਾਇਆ ਹੈ। ਇਹ ਵਾਪਾਰ ਟੈਕਸ ਕੀ ਹੁਣ ਗਲਬਾਤ ਰਾਹੀਂ ਘੱਟਣਗੇ ਜਾਂ ਦੋ ਦਰਫ਼ਾਂ ਟੈਕਸ ਦਬਾਅ ਅਧੀਨ ਹੋਰ ਸ਼ਕਲ ਅਖਤਿਆਰ ਕਰਨਗੇ, ਸਮਾਂ ਹੀ ਦੱਸੇਗਾ ?ਭਾਰਤ ਵਲੋਂ ਵੀ ਅਧਿਕਾਰਤ ਜਵਾਬੀ ਪ੍ਰਕਿਰਿਆ ਹੋਈ ਹੈ। ਭਾਰਤ; ਹੁਣ ਆਪਣੇ ਕੌਮੀ ਹਿਤਾਂ ਅਤੇ ਆਰਥਿਕ ਰੱਖਿਆ ਲਈ ਜ਼ਰੂਰੀ ਕਦਮ ਉਠਾਏਗਾ। ਇਹ ਵੀ ਕਿਹਾ ਕਿ ਸਾਡੇ ਤੇ ਅਲੋਚਨਾ ਕਰਨ ਵਾਲੇ ਖੁਦ ਰੂਸ ਨਾਲ ਵਾਪਾਰ ਕਰਦੇ ਹਨ। ਇਹ ਵਿਰੋਧੀਆਂ ਤੇ ਦਬਾਅ ਪਾਉਣ ਲਈ ਅਜਿਹੇ ਹੱਥਕੰਡੇ ਵਰਤੇ ਜਾ ਰਹੇ ਹਨ। ਚੀਨ 'ਤੇ 145-ਫੀਸਦ ਟੈਕਸ ਐਲਾਨਿਆ, ਜਦ ਚੀਨ ਨੇ ਵੀ ਅੱਖਾਂ ਦਿਖਾਈਆਂ ਤਾਂ ਘੱਟ ਕਰਕੇ 35-ਫੀਸਦ ਕਰ ਦਿੱਤਾ।

ਕੂਟਨੀਤਕ ਹਲਕਿਆ ਅੰਦਰ ਇਹ ਵੀ ਇਕ ਪੱਖ ਹੈ ਕਿ ਟਰੰਪ ਇਸ ਗੱਲੋਂ ਨਰਾਜ਼ ਹੈ ਕਿ ਭਾਰਤ-ਪਾਕਿ ਜੰਗਬੰਦੀ ਲਈ ਭਾਰਤ ਸਰਕਾਰ ਟਰੰਪ ਦੀ ਵਿਚੋਲਗੀ ਤੋਂ ਇਨਕਾਰੀ ਹੋ ਰਿਹਾ ਹੈ। ਸ਼ੀਤ ਯੁੱਧ ਦੇ ਸਮੇਂ ਤੋਂ ਅੱਜ ਤੱਕ ਅਮਰੀਕਾ ਨਾਲ ਭਾਰਤ ਦੇ ਸਬੰਧ ਕਈ ਵਾਰ ਖਰਾਬ ਹੋਏ ਤੇ ਖੱਟੇ-ਮਿੱਠੇ ਰਹੇ ਹਨ। ਅਟੱਲ-ਵਾਜਪਈ ਵੇਲੇ ਤੇ ਮਨਮੋਹਨ ਸਿੰਘ ਵੇਲੇ ਪ੍ਰਮਾਣੂ ਸੰਧੀ 'ਤੇ ਕਈ ਹੋਰ ਮੁਦਿਆਂ 'ਤੇ ਸਬੰਧ ਸੁਧਰੇ ਤੇ ਦੂਰੀਆਂ ਵੱਧੀਆ ਵੀ: ਪਿਛੇ ਜਿਹੇ ਹੀ ਮੋਦੀ ਸਰਕਾਰ ਦੇ ਗਲਿਆਰਿਆ ਅੰਦਰ ਟਰੰਪ ਨੂੰ ਸ਼ਾਂਤੀ ਨੋਬਲ ਪ੍ਰਾਇਜ਼ ਦੇਣ ਲਈ ਚਰਚਾ ਵੀ ਹੁੰਦੀ ਸੀ। ਟਰੰਪ ਵਲੋਂ ਮਿੱਤਰ ਦੱਸ ਕੇ ਟੈਰਿਫ਼ ਦਰਾਂ 'ਚ ਵਾਧਾ ਐਲਾਨ ਦਾ ਭਾਰਤ ਲਈ ਕਠੋਰ, ਗੈਰ-ਸਹਿਣਯੋਗ ਅਤੇ ਗੈਰ-ਮੁਦਰਿਕ ਵਾਪਾਰ ਰੋਕਾਂ ਹਨ। ਟਰੰਪ ਨੇ ਫਿਰ ਦੁਹਰਾਇਆ ਹੈ ਭਾਰਤ ਅਮਰੀਕਾ ਪ੍ਰਤੀ ਵਾਪਾਰ ਅੰਦਰ ਸੰਕੋਚ ਵਰਤ ਰਿਹਾ ਹੈ। ਉਹ ਰੂਸ ਨਾਲ ਵਾਪਾਰ ਅਤੇ ਤੇਲ ਲੈਣ ਲਈ ਨੇੜਤਾ ਜਾਰੀ ਰੱਖ ਰਿਹਾ ਹੈ। ਪਰ ਟਰੰਪ ਦਾ ਪਾਕਿ ਪ੍ਰਤੀ ਨਰਮ ਰਵੱਈਆ ਤੇ ਰੂਸ-ਭਾਰਤ ਡੈਡ-ਆਰਥਿਕਤਾ ਨੇ ਅਮਰੀਕਾ-ਭਾਰਤ ਸਬੰਧਾਂ ਤੇ ਪਾਣੀ ਫੇਰਨਾ ਤੇ ਰਾਜਨੀਤਕ ਸਬੰਧਾਂ ਨੂੰ ਫਿਕਾ ਕੀਤਾ ਹੈ। ਕੀ ਹੁਣ ਭਾਰਤ ਅਮਰੀਕਾ ਦੇ ਇਸ ਰਵੱਈਏ ਪ੍ਰਤੀ ਅਡਿੰਗ ਰਹਿ ਸੱਕੇਗਾ ?

ਭਾਰਤ ਆਪਣੀ ਤੇਲ ਦੀ ਜ਼ਰੂਰਤ ਪੂਰੀ ਕਰਨ ਲਈ 2021-22 'ਚ ਰੂਸ ਤੋਂ 2.10-ਫੀਸਦ ਤੇਲ ਖਰੀਦਦਾ ਸੀ ਜੋ 2022-23 'ਚ 19.10-ਫੀਸਦ, 2023-24 'ਚ ਇਹ ਵਾਧਾ 33.40-ਫੀ ਸਦ ਅਤੇ 2024-25 ਤਕ ਇਹ ਵੱਧ ਕੇ 35.10ਫੀ ਸਦ ਪੁੱਜ ਗਿਆ ਸੀ। ਇਸ ਤੋਂ ਬਿਨਾਂ ਭਾਰਤ ਇਰਾਕ, ਇਰਾਨ, ਅਰਬ ਅਤੇ ਹੋਰ ਦੇਸ਼ਾਂ ਤੋਂ ਵੀ ਜ਼ਰੂਰਤ ਲਈ ਤੇਲ ਖਰੀਦ ਰਿਹਾ ਹੈ। ਭਾਰਤ ਨੇ ਅਮਰੀਕਾ ਤੋਂ ਸਾਲ 2024-25 ਦੁਰਾਨ 4.60-ਫੀ ਤੇਲ ਖਰੀਦਿਆ ਸੀ। ਹਰ ਸਾਲ ਭਾਰਤ 11 ਲੱਖ ਕਰੋੜ ਰੁਪਏ ਦਾ ਪੈਟਰੋਲ ਤੇ ਡੀਜ਼ਲ ਦੂਸਰੇ ਦੇਸ਼ਾਂ ਤੋਂ ਖਰੀਦਦਾ ਹੈ, ਜੋ 80ਫੀ ਸਦ ਸੀ। ਭਾਰਤ ਦਾ ਰੁਪਿਆ ਡਾਲਰ ਦੇ ਮੁਕਾਬਲੇ ਲਗਾਤਾਰ ਕਮਜ਼ੋਰ ਹੁੰਦਾ ਜਾ ਰਿਹਾ ਹੈ। ਪਰ ਟਰੰਪ ਵਲੋਂ ਭਾਰਤ ਨੂੰ ਕੋਈ ਰਾਹਤ ਅਤੇ ਸਹੂਲਤ ਨਹੀਂ ਮਿਲ ਰਹੀ ਹੈ।ਫਿਰ ਭਾਰਤ ਅਮਰੀਕਾ ਤੋਂ ਮਹਿੰਗਾ ਤੇਲ ਕਿਉਂ ਖਰੀਦੇਗਾ ? 50-ਫੀਸਦ ਟੈਰਿਫ ਭਾਰਤ ਤੇ ਲਗਾਉਣਾ ਇਹ ਸੁਝਾਅ ਕਿਉਂ ? ਟਰੰਪ ਅੱਜੇ ਹੋਰ ਜੁਰਮਾਨਾ ਲਾਉਣ ਲਈ ਕਹਿ ਰਿਹਾ ਹੈ। ਅਮਰੀਕਾ ਵਲੋਂ ਰੂਸ 'ਤੇ ਤੇਲ ਦੀਆਂ ਕੀਮਤਾਂ ਘੱਟ ਕਰਾਉਣ ਲਈ, ' ਟਰੰਪ ਦਾ ਇਹ ਇਕ ਢੰਗ ਹੈ। ਕਿਵੇਂ ਪੂਤਿਨ ਉਪਰ ਯੂਕਰੇਨ ਜੰਗ ਰੋਕਣ ਲਈ ਦਬਾਅ ਬਣਾਉਣਾ ਹੈ ? ਦੂਸਰੇ ਪਾਸੇ 2024 ਦੌਰਾਨ ਯੂਰਪੀ-ਸੰਘ ਦਾ ਰੂਸ ਨਾਲ ਵਾਪਾਰ 67.5 ਅਰਬ ਯੂਰੋ ਤਕ ਸੀ, ਜੋ ਫਰਟਾਲਾਈਜ਼ਰ, ਖਨਨ, ਕੈਮੀਕਲ, ਲੋਹਾ, ਸਟੀਲ, ਆਟੋਪਾਰਟ, ਯੂਰੇਨੀਅਮ ਗੈਸ ਆਦਿ ਖੇਤਰਾਂ ਅੰਦਰ ਹੋਇਆ।

ਅਮਰੀਕਾ ਅਤੇ ਯੂਰਪੀ ਸੰਘ ਦੇ ਉਨ੍ਹਾਂ ਯਤਨਾਂ ਦੀ ਭਾਰਤ ਨੇ ਅਲੋਚਨਾ ਕੀਤੀ ਹੈ ਜਿਹੜੇ ਭਾਰਤ ਦੀਆਂ ਰਿਫਾਈਨਰੀਆਂ ਨੂੰ ਬੰਦ ਕਰਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਭਾਰਤ ਦਾ ਆਯਾਤ ਗਲੋਬਲ ਮਾਰਕੀਟ ਦੇ ਹਲਾਤਾਂ ਅਨੁਸਾਰ ਜ਼ਰੂਰੀ ਹੈ। ਇਹ ਭਾਰਤ ਦਾ ਨਿਜੀ ਮਾਮਲਾ ਹੈ। ਭਾਰਤ ਨੇ ਆਪਣੀਆਂ ਲੋੜਾਂ ਅਨੁਸਾਰ ਆਯਾਤ-ਨਿਰਯਾਤ ਕਰਨਾ ਹੈ। ਇਸ ਨੂੰ ਰੋਕਣਾ ਕਈ ਪ੍ਰਕਾਰ ਦੀਆਂ ਉਲਝਨਾ ਪੈਦਾ ਕਰਨਾ ਹੋਵੇਗਾ ? ਤੇਲ ਅੱਜ ਦੁਨੀਆ ਅੰਦਰ ਇਕ ਯੁਧਨੀਤਕ ਹਥਿਆਰ ਹੈ। ਇਸ ਨੂੰ ਭਾਰਤ ਵਲੋ ਸੰਸਾਰ-ਵਿਆਪੀ ਘਟਨਾਕਰਮ ਅਤੇ ਭੂਗੋਲਿਕ-ਰਾਜਨੀਤਕ ਰਿਸ਼ਿਤਆ ਦੇ ਸੰਦਰਭ ਵਿੱਚ ਦੇਖਿਆ ਜਾਣਾ ਚਾਹੀਦਾ ਹੈ। ਜਿਸ ਦਾ ਭਾਰਤ ਦੀ ਕੌਮੀ ਸਥਿਤੀ 'ਤੇ ਸਿੱਧਾ ਪ੍ਰਭਾਵ ਪੈਂਦਾ ਹੈ। ਭਾਰਤ ਵਲੋਂ ਰੂਸ ਤੋਂ ਤੇਲ ਖਰੀਦਣਾਂ ਤੇ ਵਾਪਾਰ ਵਧਾਉਣਾ ਦੋਨੋ ਦੇਸ਼ਾਂ ਦੇ ਹਿਤਾਂ ਵਿੱਚ ਹੈ ਜੋ ਅਮਰੀਕਾ ਨੂੰ ਭਾਉਂਦਾ ਨਹੀ ਹੈ।

### ਅਸਲੀ ਮੁੱਖ ਮੰਤਰੀ ਕੇਜਰੀਵਾਲ, ਭਗਵੰਤ ਮਾਨ ਡੁਪਲੀਕੇਟ ਰੱਖਿਆ'

# ਪਟਿਆਲਾ ਰੈਲੀ 'ਚ ਸੁਖਬੀਰ ਸਿੰਘ ਬਾਦਲ ਨੇ 'ਬਾਗੀ ਧੜਾ' ਵੀ ਰਗੜਿਆ



**ਚੰਡੀਗੜ੍ਹ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੀ ਕਿਸਾਨ ਮਾਰੂ ਲੈਂਡ ਪੂਲਿੰਗ ਸਕੀਮ ਨੂੰ ਰੱਦ ਕਰਵਾਉਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ। ਇਸ ਤਹਿਤ ਅਕਾਲੀ ਦਲ ਵੱਲੋਂ ਸੂਬੇ ਵਿਚ ਵੱਖ ਵੱਖ ਥਾਂਵਾਂ 'ਤੇ ਧਰਨੇ ਕੀਤੇ ਜਾ ਰਹੇ ਹਨ, ਜਿਸ ਦੀ ਕੜੀ ਤਹਿਤ ਸੋਮਵਾਰ ਪਟਿਆਲਾ 'ਚ ਲੋਕਾਂ ਨੂੰ ਪਾਲਿਸੀ ਖਿਲਾਫ਼ ਜਾਗਰੂਕ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਸੀਐਮ ਭਗਵੰਤ ਮਾਨ ਨੂੰ ਖੂਬ ਰਗੜੇ ਲਾਏ। ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਪਾਲਿਸੀ ਰਾਹੀਂ ਕੇਜਰੀਵਾਲ, ਦਿੱਲੀ ਦੇ ਬਿਲਡਰਾਂ ਨੂੰ ਸਸਤੇ ਭਾਅ ਜ਼ਮੀਨਾਂ ਹੜੱਪਣ 'ਚ ਮਦਦ ਕਰ ਰਹੇ ਹਨ ਅਤੇ ਪੈਸਾ ਇਕੱਠਾ ਕਰਕੇ ਪੰਜਾਬ ਨੂੰ ਲੁੱਟਿਆ ਜਾ ਰਿਹਾ ਹੈ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਲੈਂਡ ਪੂਲਿੰਗ ਖਿਲਾਫ਼ ਸ਼੍ਰੋਮਣੀ ਅਕਾਲੀ ਦਲ ਦਾ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਕੇ ਸੱਤਾ ਵਿੱਚ ਆਈ ਅਤੇ ਹੁਣ ਸਾਰੇ ਸਰਕਾਰੀ ਕੰਮਾਂ ਦੀਆਂ ਫਾਈਲਾਂ ਕੇਜਰੀਵਾਲ ਵੱਲੋਂ ਦਿੱਲੀ ਤੋਂ ਭੇਜੇ ਬੰਦੇ ਵੇਖ ਰਹੇ ਹਨ। ਉਨ੍ਹਾਂ ਕਿਹਾ ਕਿ ਕੇਜਰੀਵਾਲ ਵੱਲੋਂ ਰਾਜ ਸਭਾ ਦੇ ਜ਼ਿਆਦਾਤਰ ਮੈਂਬਰ ਵੀ ਦਿੱਲੀ ਦੇ ਲੋਕਾਂ ਨੂੰ ਬਣਾਇਆ ਗਿਆ ਹੈ। ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਪੰਜਾਬ ਦਾ ਵਿਕਾਸ ਸਿਰਫ਼ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਹੋਇਆ, ਪਰ ਅੱਜ ਅਕਾਲੀ ਦਲ ਨੂੰ ਖਤਮ ਕਰਨ ਦੀਆਂ ਸਾਜਿਸ਼ ਹੋ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਬਾਗੀ ਧੜੇ 'ਤੇ ਹਮਲਾ ਕਰਦਿਆਂ ਕਿਹਾ ਕਿ ਅਕਾਲੀ ਦਲ ਨੂੰ ਖਤਮ ਕਰਨ ਲਈ ਵਿਰੋਧੀਆਂ ਨੇ ਕੇਂਦਰ ਨਾਲ ਮਿਲ ਕੇ ਸਾਜਿਸ਼ਾਂ ਰਚੀਆਂ ਜਾ ਰਹੀਆਂ ਹਨ। ਗਿਆਨੀ ਹਰਪ੍ਰੀਤ ਸਿੰਘ, ਰੱਖੜਾ ਤੇ ਚੰਦੂਮਾਜਰਾ ਨੇ ਕੇਂਦਰ ਨਾਲ ਮਿਲ ਕੇ ਅਕਾਲੀ ਦਲ ਨੂੰ ਖਤਮ ਕਰਨ ਲਈ ਸਾਜਿਸ਼ ਰਚੀ ਹੈ, ਜਿਸ ਤਹਿਤ ਹੀ ਗੁਰੂ ਘਰ ਵਾਸਤੇ ਕੁਰਬਾਨੀਆਂ ਦੇਣ ਵਾਲੀ ਪਾਰਟੀ ਨੂੰ ਦੋਸ਼ੀ ਬਣਾਇਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ 'ਤੇ ਕਾਬਜ਼ ਹੋਣ ਲਈ ਬਾਦਲ ਪਰਿਵਾਰ ਨੂੰ ਪਾਸੇ ਕਰਨ ਦੀ ਵਾਹ ਲਾ ਰਹੀ ਹੈ, ਪਰ ਸ਼੍ਰੋਮਣੀ ਅਕਾਲੀ ਦਲ ਅਜਿਹੀਆਂ ਸਾਜਿਸ਼ਾਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗਾ।

# ਗਿਆਨੀ ਹਰਪ੍ਰੀਤ ਸਿੰਘ ਤੋਂ ਪਹਿਲਾਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਜਥੇਦਾਰ ਸ਼੍ਰੋਮਣੀ ਅਕਾਲੀ ਦੱਲ ਦੇ ਪ੍ਰਧਾਨ ਰਹੇ ਹਨ: ਪੰਜੋਲੀ



ਜਥੇਦਾਰ ਤੇਜਾ ਸਿੰਘ ਜੀ ਅਕਰਪੁਰੀ ਜੀ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਰਹੇ ਅਤੇ ਬਾਅਦ ਵਿੱਚ ਸ਼੍ਰੋਮਣੀ ਅਕਾਲੀ ਦੱਲ ਦੇ ਪ੍ਰਧਾਨ ਬਣੇ ਸਨ ਇਹਨਾ ਦੀ ਪ੍ਰਧਾਨਗੀ ਹੇਠ ਹੀ 20 ਅਤੇ 21 ਫਰਬਰੀ 1940 ਨੂੰ ਪਹਿਲੀ ਸਰਬਹਿੰਦ ਅਕਾਲੀ ਕਾਨਫਰੰਸ ਹੋਈ ਸੀ।

2. ਜਥੇਦਾਰ ਗੁਰਮੁੱਖ ਸਿੰਘ ਮੁਸਾਫ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਨ ਬਾਅਦ ਵਿੱਚ ਰਾਜ ਸਭਾ ਦੇ ਮੈਂਬਰ ਬਣੇ। ਬਾਅਦ ਵਿੱਚ ਇਹ 1 ਨੰਬਵਰ 1966 ਨੂੰ ਪੰਜਾਬ ਦੇ ਮੁੱਖ ਮੰਤਰੀ ਬਣੇ ਸਨ।

3. ਜਥੇਦਾਰ ਉੱਦਮ ਸਿੰਘ ਨਾਗੋਕੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਰਹੇ ਬਾਅਦ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦੱਲ ਦੇ ਪ੍ਰਧਾਨ ਵੀ ਰਹੇ।

4. ਜਥੇਦਾਰ ਅੱਛਰ ਸਿੰਘ ਜੀ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ ਸਾਹਿਬ ਜੀ ਦੇ ਜਥੇਦਾਰ ਵੀ ਰਹੇ ਅਤੇ ਬਾਅਦ ਵਿੱਚ ਸ਼੍ਰੋਮਣੀ ਅਕਾਲੀ ਦੱਲ ਦੇ ਪ੍ਰਧਾਨ ਬਣੇ । ਇਹਨਾ ਦੀ ਪ੍ਰਧਾਨਗੀ ਹੇਠ ਕਰਨਾਲ ਵਿਖੇ ਸਰਵਹਿੰਦ ਅਕਾਲੀ ਕਾਨਫਰੰਸ ਹੋਈ ।

5. ਗਿਆਨੀ ਭੁਪਿੰਦਰ ਸਿੰਘ ਜੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਰਹੇ ਅਤੇ ਬਾਅਦ ਵਿੱਚ ਸ਼੍ਰੋਮਣੀ ਅਕਾਲੀ ਦੱਲ ਦੇ ਪ੍ਰਧਾਨ ਵੀ ਰਹੇ ਅਤੇ ਰਾਜ ਸਭਾ ਦੇ ਮੈਂਬਰ ਵੀ ਰਹੇ ।

6. ਜਥੇਦਾਰ ਮੋਹਨ ਸਿੰਘ ਤੁੜ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਰਹੇ । ਬਾਅਦ ਵਿੱਚ ਸ਼੍ਰੋਮਣੀ ਅਕਾਲੀ ਦੱਲ ਦੇ ਪ੍ਰਧਾਨ ਅਤੇ ਲੋਕ ਸਭਾ ਦੇ ਮੈਂਬਰ ਵੀ ਚੁਣੇ ਗਏ।

7. ਸੰਤ ਹਰਚੰਦ ਸਿੰਘ ਜੀ ਲੌਂਗੋਵਾਲ ਪਹਿਲਾ ਤਖ਼ਤ ਸ੍ਰੀ ਦਮਦਮਾ ਸਾਹਿਬ ਜੀ ਦੇ ਜਥੇਦਾਰ ਬਣੇ ਬਾਅਦ ਵਿੱਚ ਸ਼੍ਰੋਮਣੀ ਅਕਾਲੀ ਦੱਲ ਦੇ ਪ੍ਰਧਾਨ ਵੀ ਬਣੇ। । ਐਮਰਜੈਂਸੀ ਅਤੇ ਧਰਮਯੁੱਧ ਮੋਰਚੇ ਦੇ ਡਿਕਟੇਟਰ ਵੀ ਰਹੇ।

**-ਕਰਨੈਲ ਸਿੰਘ ਪੰਜੋਲੀ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ**

# ਰਾਹੁਲ ਤੇ ਪ੍ਰਿਯੰਕਾ ਗਾਂਧੀ ਸਮੇਤ ਕਈ ਕਾਂਗਰਸੀ ਸਾਂਸਦ ਹਿਰਾਸਤ 'ਚ ਲਏ




**ਨਵੀਂ ਦਿੱਲੀ, 11 ਅਗਸਤ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਪੁਲਿਸ ਨੇ ਸੋਮਵਾਰ ਸਵੇਰੇ ਕਾਂਗਰਸ ਦੇ ਰਾਹੁਲ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਵਾਡਰਾ ਅਤੇ ਸ਼ਿਵ ਸੈਨਾ ਦੇ ਨੇਤਾ ਸੰਜੇ ਰਾਉਤ ਸਮੇਤ ਸੀਨੀਅਰ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੂੰ ਹਿਰਾਸਤ ਵਿੱਚ ਲੈ ਲਿਆ ਕਿਉਂਕਿ ਚੋਣ ਕਮਿਸ਼ਨ ਦੀ ਸੱਤਾਧਾਰੀ ਭਾਜਪਾ ਨਾਲ 'ਮਿਲਾਪ' ਵਿਰੁੱਧ ਉਨ੍ਹਾਂ ਦੇ ਵਿਰੋਧ ਪ੍ਰਦਰਸ਼ਨ ਕੇਂਦਰੀ ਦਿੱਲੀ ਦੀਆਂ ਗਲੀਆਂ ਵਿੱਚ ਫੈਲ ਗਏ। ਜਿਵੇਂ ਹੀ ਗਾਂਧੀ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਬੱਸ ਰਾਹੀਂ ਲਿਜਾਇਆ ਜਾ ਰਿਹਾ ਸੀ, ਉਨ੍ਹਾਂ ਨੇ ਪੱਤਰਕਾਰਾਂ ਨੂੰ ਕਿਹਾ, "ਇਹ ਲੜਾਈ ਰਾਜਨੀਤਿਕ ਨਹੀਂ ਹੈ... ਇਹ ਸੰਵਿਧਾਨ ਨੂੰ ਬਚਾਉਣ ਲਈ ਹੈ। ਲੜਾਈ 'ਇੱਕ ਵਿਅਕਤੀ, ਇੱਕ ਵੋਟ' ਲਈ ਹੈ।÷ ਸੰਯੁਕਤ ਪੁਲਿਸ ਕਮਿਸ਼ਨਰ ਦੀਪਕ ਪੁਰੋਹਿਤ ਨੇ ਹਿਰਾਸਤ ਵਿੱਚ ਲਏ ਜਾਣ ਦੀ ਪੁਸ਼ਟੀ ਕੀਤੀ ਪਰ ਕਿੰਨੇ ਗ੍ਰਿਫ਼ਤਾਰ ਕੀਤੇ ਗਏ, ਇਹ ਦੱਸਣ ਇਨਕਾਰ ਕਰ ਦਿੱਤਾ, ਪੱਤਰਕਾਰਾਂ ਨੂੰ ਦੱਸਿਆ, "ਨਜ਼ਰਬੰਦ ਇੰਡੀਆ ਬਲਾਕ ਦੇ ਨੇਤਾਵਾਂ ਨੂੰ ਨੇੜਲੇ ਪੁਲਿਸ ਸਟੇਸ਼ਨ ਲਿਜਾਇਆ ਗਿਆ ਹੈ।" ਸ੍ਰੀ ਪੁਰੋਹਿਤ ਨੇ ਕਿਹਾ ਕਿ ਵਿਰੋਧੀ ਧਿਰ ਨੂੰ ਇਸ ਪੱਧਰ ਦੇ ਵਿਰੋਧ ਪ੍ਰਦਰਸ਼ਨ ਲਈ ਪੁਲਿਸ ਦੀ ਇਜਾਜ਼ਤ ਨਹੀਂ ਸੀ, ਅਤੇ ਸਿਰਫ 30 ਸੰਸਦ ਮੈਂਬਰਾਂ ਦੇ ਇੱਕ ਸਮੂਹ ਨੂੰ ਚੋਣ ਕਮਿਸ਼ਨ ਵੱਲ ਮਾਰਚ ਕਰਨ ਅਤੇ ਸ਼ਿਕਾਇਤ ਦਰਜ ਕਰਨ ਦੀ ਆਗਿਆ ਦਿੱਤੀ ਗਈ ਸੀ। ਡਿਪਟੀ ਕਮਿਸ਼ਨਰ ਆਫ਼ ਪੁਲਿਸ ਦੇਵੇਸ਼ ਕੁਮਾਰ ਮਾਹਲਾ ਨੇ ਕਿਹਾ, "ਚੋਣ ਕਮਿਸ਼ਨ ਨੇ ਕਿਹਾ ਸੀ ਕਿ 30 ਸੰਸਦ ਮੈਂਬਰ ਉਨ੍ਹਾਂ ਨੂੰ ਮਿਲਣ ਜਾ ਸਕਦੇ ਹਨ... ਪਰ 200 ਤੋਂ ਵੱਧ ਮਾਰਚ ਕਰਦੇ ਹੋਏ ਆਏ। ਅਸੀਂ ਕਾਨੂੰਨ ਵਿਵਸਥਾ ਦੇ ਕਿਸੇ ਵੀ ਵਿਘਨ ਨੂੰ ਰੋਕਣ ਲਈ ਉਨ੍ਹਾਂ ਨੂੰ ਰੋਕਿਆ। ਫਿਰ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਕੁਝ ਸੰਸਦ ਮੈਂਬਰਾਂ ਨੇ ਬੈਰੀਕੇਡਾਂ ਨੂੰ ਟੱਪਣ ਦੀ ਕੋਸ਼ਿਸ਼ ਕੀਤੀ.. ਉਨ੍ਹਾਂ ਨੂੰ ਵੀ ਹਿਰਾਸਤ ਵਿੱਚ ਲੈ ਲਿਆ ਗਿਆ।"

ਸੰਸਦ ਭਵਨ ਦੇ ਬਾਹਰ ਵਿਰੋਧ ਸਥਾਨ ਤੋਂ ਮਿਲੇ ਵਿਜ਼ੂਅਲਸ ਵਿੱਚ ਸਿਆਸਤਦਾਨਾਂ ਅਤੇ ਪਾਰਟੀ ਵਰਕਰਾਂ ਦੀ ਇੱਕ ਛੋਟੀ ਜਿਹੀ ਫੌਜ ਦਿਖਾਈ ਦਿੱਤੀ, ਬਹੁਤ ਸਾਰੇ ਲੋਕ ਤਖ਼ਤੀਆਂ ਲਹਿਰਾਉਂਦੇ, ਨਾਅਰੇਬਾਜ਼ੀ ਕਰਦੇ ਅਤੇ ਪੁਲਿਸ ਬੈਰੀਕੇਡਾਂ ਦੇ ਵਿਰੁੱਧ ਪਿੱਛੇ ਹਟਦੇ ਦਿਖਾਈ ਦਿੱਤੇ। ਇੱਕ ਹੋਰ ਵੀਡੀਓ ਵਿੱਚ ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੂੰ ਦੋ ਪੁਲਿਸ ਬੈਰੀਕੇਡਾਂ ਉੱਤੇ ਚੜ੍ਹਦੇ ਦਿਖਾਇਆ ਗਿਆ। ਦੱਸ ਦਈਏ ਕਿ ਵਿਰੋਧੀ ਧਿਰ ਇੰਡੀਆ ਬਲਾਕ ਬਿਹਾਰ SIR ਰੱਦ ਕਰਨ ਦੀ ਮੰਗ ਕਰ ਰਿਹਾ ਹੈ।

# ਖੂਨ ਦਾਨ ਕਰਨ ਨਾਲ ਕਈ ਕੀਮਤੀ ਜਾਨਾਂ ਨੂੰ ਨਵਾਂ ਜੀਵਨ ਮਿਲ ਜਾਂਦਾ ਹੈ

**ਨਾਭਾ,11 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਦੇ ਪਦਾਰਥਵਾਦੀ ਯੁੱਗ ਵਿੱਚ ਸਭ ਤੋਂ ਵੱਡਾ ਪੁੰਨ ਖੂਨ ਦਾਨ ਕਰਨਾ ਹੈ। ਸਾਨੂੰ ਸਾਰਿਆਂ ਨੂੰ ਖੂਨ ਦਾਨ ਜਰੂਰ ਕਰਨਾ ਚਾਹੀਦਾ ਹੈ ਤਾਂ ਜੋ ਕੀਮਤੀ ਜਾਨਾਂ ਨੂੰ ਨਵਾਂ ਜੀਵਨ ਦਿੱਤਾ ਜਾ ਸਕੇ ਅਤੇ ਆਪਣੇ ਸਰੀਰ ਦੀਆ ਬਿਮਾਰੀਆਂ ਨੂੰ ਖ਼ਤਮ ਕਰਨ ਦਾ ਸਬ ਤੋ ਵਧੀਆ ਤਰੀਕਾ ਹੈ,ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਹਲਕਾ ਨਾਭਾ ਤੋਂ ਖੂਨ ਦਾਨ ਦੇ ਖੇਤਰ ਵਿੱਚ ਮੋਹਰੀ ਸੰਸਥਾ ਹਰਸ਼ ਬਲੱਡ ਡੋਨਰ ਸੋਸਾਇਟੀ ਦੇ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਖੂਨਦਾਨੀ ਸਟੇਂਟ ਅਵਾਰਡੀ ਨੇ 36 ਵੀ ਬਾਰ ਖੂਨਦਾਨ ਕੀਤਾ,ਉਨ੍ਹਾਂ ਕਿਹਾ ਕਿ ਲੱਗਭੱਗ ਹਰੇਕ ਵਿਅਕਤੀ ਖ਼ੂਨਦਾਨ ਕਰ ਸਕਦਾ ਹੈ,ਖ਼ੂਨਦਾਨ ਕਰਨ ਨਾਲ ਸਰੀਰ ਵਿਚ ਕਿਸੇ ਵੀ ਤਰ੍ਹਾਂ ਦੀ ਕੋਈ ਕਮਜ਼ੋਰੀ ਨਹੀਂ ਹੁੰਦੀ,ਇਸ ਤਰਾਂ ਦੇ ਗਲਤ ਪ੍ਰਚਾਰ ਤੋ ਬੱਚਿਆਂ ਜਾਏ,ਸਗੋਂ ਖੂਨ ਦਾਨ ਕਰਨ ਨਾਲ ਸਰੀਰ ਵਿੱਚ ਨਵੇਂ ਲਾਲ ਸੈੱਲ ਬਣਦੇ ਹਨ। ਜਿਸ ਨਾਲ ਮਨੁੱਖ ਤੰਦਰੁਸਤ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਆਦਮੀ ਤਿੰਨ ਮਹੀਨੇ ਵਿੱਚ ਇੱਕ ਬਾਰ ਅਤੇ ਲੇਡੀਜ਼ ਚਾਰ ਮਹੀਨੇ ਵਿੱਚ ਇੱਕ ਵਾਰ ਖ਼ੂਨਦਾਨ ਕਰ ਸਕਦੀਆ ਹਨ,ਖ਼ੂਨ ਦਾਨ ਕਰ ਕੇ ਅਨੇਕਾਂ ਅਨਮੋਲ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਉਹਨਾ ਕਿਹਾ ਕਿ ਹਰ ਇਨਸਾਨ ਨੂੰ ਆਪਣੇ ਕਿਸੇ ਵੀ ਖਾਸ ਦਿਨ ਮੌਕੇ ਖ਼ੂਨਦਾਨ ਜਰੂਰ ਕਰਨਾ ਚਾਹੀਦਾ ਹੈ। ਖ਼ੂਨਦਾਨ ਕਰਨ ਨਾਲ ਆਪਣੇ ਦਿਲ ਨੂੰ ਬਹੁਤ ਸਕੂਨ ਮਿਲਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਵੀ ਕੀਤੀ ਕਿ ਸਾਡੀ ਸੰਸਥਾ ਰਾਹੀ ਬਿਨਾਂ ਕੈਂਪ ਤੋ ਹਮੇਸ਼ਾ ਲੋੜਵੰਦ ਮਰੀਜਾ ਲਈ ਮੌਕੇ ਤੇ ਖੂਨ ਦਾਨ ਕਰਵਾਇਆ ਜਾਂਦਾ ਹੈ।

**ਸਿੱਖ ਕੌਮ ਦੇ ਭਵਿੱਖ ਲਈ ਸੇਵਾ ਦੇ ਨਵੇਂ ਸੰਕਲਪਾਂ ਨਾਲ ਅੱਗੇ ਵਧਣ ਦਾ ਵਚਨ ਲਿਆ ਗਿਆ**

# ਇਹ ਸਿਰਫ਼ ਇੱਕ ਚੋਣ ਨਹੀਂ, ਸਗੋਂ ਪੰਥਕ ਸੇਵਾ ਦੀ ਨਵੀਂ ਪੜ੍ਹਾਅ ਦੀ ਸ਼ੁਰੂਆਤ ਹੈ : ਗਿਆਨੀ ਹਰਪ੍ਰੀਤ ਸਿੰਘ













ਅਕਾਲ ਪੁਰਖ ਵਾਹਿਗੁਰੂ ਦੀ ਬੇਅੰਤ ਕਿਰਪਾ ਅਤੇ ਗੁਰੂ ਘਰ ਦੀ ਸੰਗਤ ਦੇ ਆਸ਼ੀਰਵਾਦ ਨਾਲ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੋਣ ਇਜਲਾਸ ਦਾ ਇਤਿਹਾਸਿਕ ਸਮਾਗਮ ਸਫਲਤਾਪੂਰਵਕ ਸੰਪੰਨ ਹੋਇਆ। ਇਸ ਇਜਲਾਸ ਵਿੱਚ ਪੰਥਕ ਏਕਤਾ, ਗੁਰਮੱਤਿ ਮੂਲਾਂ ਦੀ ਰੱਖਿਆ ਅਤੇ ਸਿੱਖ ਕੌਮ ਦੇ ਭਵਿੱਖ ਲਈ ਸੇਵਾ ਦੇ ਨਵੇਂ ਸੰਕਲਪਾਂ ਨਾਲ ਅੱਗੇ ਵਧਣ ਦਾ ਵਚਨ ਲਿਆ ਗਿਆ। ਇਹ ਸਿਰਫ਼ ਇੱਕ ਚੋਣ ਨਹੀਂ, ਸਗੋਂ ਪੰਥਕ ਸੇਵਾ ਦੀ ਨਵੀਂ ਪੜ੍ਹਾਅ ਦੀ ਸ਼ੁਰੂਆਤ ਹੈ। ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ

**ਵੱਲੋਂ : ਗਿਆਨੀ ਹਰਪ੍ਰੀਤ ਸਿੰਘ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਨੇਡਾ ਦੀ ਕਲਮ ਫਾਊਡੇਸ਼ਨ ਅਤੇ ਸਿੰਘ ਟਰੈਵਲ ਵੱਲੋਂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦਾ ਵਿਸ਼ੇਸ਼ ਸਨਮਾਨ

## ਜਥੇਦਾਰ ਦਾਦੂਵਾਲ ਜੀ ਨੇ ਗੁਰੂ ਤੇਗ ਬਹਾਦੁਰ ਜੀ ਦੀ ਕੁਰਬਾਨੀ ਦੇ ਇਤਿਹਾਸ ਉਪਰ ਚਾਨਣਾ ਪਾਇਆ










ਆਵਾਜ਼ਿ ਕੌਮ AWAZE QAUM International Newspaper & WEB TV







(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਕਨੇਡਾ ਦੀ ਕਲਮ ਫਾਊਡੇਸ਼ਨ ਅਤੇ ਸਿੰਘ ਟਰੈਵਲ ਵੱਲੋਂ ਅਜੀਤ ਭਵਨ ਵਿੱਚ ਧੰਨ ਧੰਨ ਗੁਰੂ ਤੇਗ ਬਹਾਦੁਰ ਜੀ ਦੇ 350ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ "11ਵੀਂ ਵਿਸ਼ਵ ਪੰਜਾਬੀ ਕਾਨਫਰੰਸ" ਮੌਕੇ ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦਾ ਵਿਸ਼ੇਸ਼ ਸਨਮਾਨ 9 ਅਗਸਤ 2025 ਨੂੰ ਕੀਤਾ ਗਿਆ ਲੈਕਚਰ ਦੌਰਾਨ ਜਥੇਦਾਰ ਦਾਦੂਵਾਲ ਜੀ ਨੇ ਗੁਰੂ ਤੇਗ ਬਹਾਦੁਰ ਜੀ ਦੀ ਕੁਰਬਾਨੀ ਦੇ ਇਤਿਹਾਸ ਉਪਰ ਚਾਨਣਾ ਪਾਇਆ ਇਸ ਸਮੇਂ ਵਿਸ਼ਵ ਪ੍ਰਸਿੱਧ ਬੁੱਧੀਜੀਵੀ ਲੋਕ ਡਾਕਟਰ ਰਵੇਲ ਸਿੰਘ ਦਿੱਲੀ,ਡਾਕਟਰ ਗੁਰਨਾਮ ਕੌਰ,ਪ੍ਰਿੰਸੀਪਲ ਜਸਬੀਰ ਕੌਰ ਪਟਿਆਲਾ,ਡਾਕਟਰ ਅਮਰ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ,ਡਾਕਟਰ ਅਖ਼ਤਰ ਸੰਧੂ ਹਿਸਟੋਰੀਅਨ,ਪ੍ਰਸਿੱਧ ਸ਼ਾਇਰ ਤਾਹਿਰਾ ਸਰਾਂ,ਡਾਕਟਰ ਹੁਸਨੈਨ ਅਕਬਰ,ਡਾਕਟਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਡਾਕਟਰ ਪਰਮਜੀਤ ਸਿੰਘ ਸਰੋਆ ਸਾਬਕਾ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਡਾਕਟਰ ਦਲਬੀਰ ਸਿੰਘ ਕਥੂਰੀਆ ਪ੍ਰਧਾਨ ਵਿਸ਼ਵ ਪੰਜਾਬੀ ਸਭਾ,ਬੀਬੀ ਨਵਨੀਤ ਕੌਰ ਬੈਂਸ,ਮਾਸਟਰ ਬਲਵਿੰਦਰ ਸਿੰਘ ਭੰਗੂ ਵੀ ਹਾਜ਼ਰ ਸਨ ਭਾਈ ਜਸਬੀਰ ਸਿੰਘ ਬੋਪਾਰਾਏ ਸਿੰਘ ਟਰੈਵਲ ਅਤੇ ਬਾਕੀ ਪ੍ਰਬੰਧਕਾਂ ਨੇ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਉ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਕਨੇਡਾ ਦੀ ਕਲਮ ਫਾਊਡੇਸ਼ਨ ਅਤੇ ਸਿੰਘ ਟਰੈਵਲ ਵੱਲੋਂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦਾ ਵਿਸ਼ੇਸ਼ ਸਨਮਾਨ

## ਭਾਈ ਜਸਬੀਰ ਸਿੰਘ ਬੋਪਾਰਾਏ ਸਿੰਘ ਟਰੈਵਲ ਅਤੇ ਬਾਕੀ ਪ੍ਰਬੰਧਕਾਂ ਨੇ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਓ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ













ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243